ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਐਤਵਾਰ, 23 ਮਾਰਚ 2025 (ਨਾਨਕਸ਼ਾਹੀ ਸੰਮਤ : ੫੫੭, ੧੦ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243



## ਸ਼ਹੀਦੇ ਆਜ਼ਮ ਸ. ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਸ਼ਹੀਦੀ ਦਿਵਸ ਮੌਕੇ ਸ਼ਰਧਾ ਦੇ ਫੁੱਲ ਭੇਂਟ ਕਰਦੇ ਹਾਂ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਸੰਪਰਕ

+447458381111 +447976210161 +919729091243

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਐਤਵਾਰ, 23 ਮਾਰਚ 2025 (ਨਾਨਕਸ਼ਾਹੀ ਸੰਮਤ : ੫੫੭, ੧੦ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ ਸਰਕਾਰ ਨੂੰ ਨਸ਼ਿਆਂ ਦੇ ਮੁੱਦੇ ਤੇ ਹਾਈਕੋਰਟ ਨੇ ਪਾਈ ਝਾੜ ! ਕਿਹਾ- ਨੌਜਵਾਨਾਂ ਦਾ ਨਸ਼ਿਆਂ 'ਚ ਸ਼ਾਮਲ ਹੋਣਾ ਸਰਕਾਰ ਦੀ ਅਸਫਲਤਾ

**ਚੰਡੀਗੜ੍ਹ, 22 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਵਿੱਚ ਵੱਧ ਰਹੇ ਨਸ਼ਿਆਂ ਦੇ ਰੁਝਾਨ 'ਤੇ ਗੰਭੀਰ ਚਿੰਤਾ ਪ੍ਰਗਟ ਕਰਦੇ ਹੋਏ ਸਰਕਾਰ ਨੂੰ ਫਟਕਾਰ ਲਗਾਈ ਹੈ। ਅਦਾਲਤ ਨੇ ਕਿਹਾ ਕਿ ਆਪਣੀ ਨਸ਼ੇ ਦੀ ਲਤ ਨੂੰ ਸੰਤੁਸ਼ਟ ਕਰਨ ਲਈ, ਨੌਜਵਾਨ ਚੋਰੀ ਤੇ ਹੋਰ ਅਪਰਾਧਾਂ ਵਿੱਚ ਸ਼ਾਮਲ ਹੋ ਰਹੇ ਹਨ, ਜੋ ਇਸ ਸਮੱਸਿਆ ਨਾਲ ਨਜਿੱਠਣ ਵਿੱਚ ਸਰਕਾਰ ਦੀ ਅਸਫਲਤਾ ਨੂੰ ਦਰਸਾਉਂਦਾ ਹੈ। ਦਰਅਸਲ, ਪੰਜਾਬ ਹਰਿਆਣਾ ਹਾਈ ਕੋਰਟ ਦੇ ਜਸਟਿਸ ਸੰਦੀਪ ਮੌਦਗਿਲ 290 ਗ੍ਰਾਮ ਹੈਰੋਇਨ ਦੀ ਵਪਾਰਕ ਰਿਕਵਰੀ ਦੇ ਮਾਮਲੇ ਵਿੱਚ ਦੋਸ਼ੀ ਦੀ ਜ਼ਮਾਨਤ ਪਟੀਸ਼ਨ 'ਤੇ ਸੁਣਵਾਈ ਕਰ ਰਹੇ ਸਨ। ਉਨ੍ਹਾਂ ਨੇ ਇਸ ਮਾਮਲੇ ਵਿੱਚ ਫੈਸਲਾ ਸੁਣਾਉਂਦੇ ਸਮੇਂ ਵੀ ਇਹ ਟਿੱਪਣੀ ਕੀਤੀ ਸੀ। ਜਿਸ ਵਿੱਚ ਉਨ੍ਹਾਂ ਕਿਹਾ- "ਵਧ ਰਹੀ ਨਸ਼ੀਲੇ ਪਦਾਰਥ ਦੀ ਲਤ ਦੇਸ਼ ਦੇ ਭਵਿੱਖ ਨੂੰ ਗੰਭੀਰਤਾ ਨਾਲ ਨੁਕਸਾਨ ਪਹੁੰਚਾ ਰਹੀ ਹੈ ਤੇ ਨੌਜਵਾਨਾਂ ਨੂੰ ਦੀਮਕ ਵਾਂਗ ਖੋਖਲਾ ਕਰ ਰਹੀ ਹੈ।" ਸਰਕਾਰ ਦੀ ਨਿੰਦਾ ਕਰਦੇ ਹੋਏ ਉਨ੍ਹਾਂ ਕਿਹਾ, "ਨੌਜਵਾਨਾਂ ਦਾ ਅਪਰਾਧ ਵੱਲ ਮੁੜਨਾ ਸੂਬਾ ਸਰਕਾਰ ਦੀ ਅਸਫਲਤਾ ਨੂੰ ਦਰਸਾਉਂਦਾ ਹੈ। ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਬਹੁਤ ਗੰਭੀਰ ਹੋ ਗਈ ਹੈ, ਜਿਸ ਨੂੰ ਸਖ਼ਤੀ ਨਾਲ ਕਾਬੂ ਕਰਨ ਦੀ ਲੋੜ ਹੈ। ਅਦਾਲਤ ਨੇ ਨਸ਼ੀਲੇ ਪਦਾਰਥਾਂ ਦੇ ਕਾਰੋਬਾਰ ਵਿੱਚ ਸ਼ਾਮਲ ਅਪਰਾਧੀਆਂ ਵਿਰੁੱਧ ਸਖ਼ਤ ਕਾਰਵਾਈ ਦੀ ਲੋੜ ਜ਼ਾਹਰ ਕੀਤੀ ਤੇ ਕਿਹਾ ਕਿ ਇਹ ਪੂਰੇ ਦੇਸ਼ ਦੇ ਸਮਾਜਿਕ ਢਾਂਚੇ ਲਈ ਖ਼ਤਰਾ ਬਣਦਾ ਜਾ ਰਿਹਾ ਹੈ।

## ਅੰਮ੍ਰਿਤਸਰ 'ਚ ਹਿਮਾਚਲ ਦੀਆਂ ਸਰਕਾਰੀ ਬੱਸਾਂ ਦੀ ਕੀਤੀ ਭੰਨਤੋੜ

# ਲਿਖੇ ਖਾਲਿਸਤਾਨੀ ਨਾਅਰੇ, ਡਰਾਈਵਰ ਪੰਜਾਬ 'ਚ ਬੱਸਾਂ ਚਲਾਉਣ ਤੋਂ ਇਨਕਾਰੀ




**ਅੰਮ੍ਰਿਤਸਰ, 22 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਹਿਮਾਚਲ ਰੋਡ ਟਰਾਂਸਪੋਰਟ ਕਾਰਪੋਰੇਸ਼ਨ (HRTC) ਦੀਆਂ ਬੱਸਾਂ ਨੂੰ ਨਿਸ਼ਾਨਾ ਬਣਾਉਣ ਦੀਆਂ ਘਟਨਾਵਾਂ ਲਗਾਤਾਰ ਵੱਧ ਰਹੀਆਂ ਹਨ। ਤਾਜ਼ਾ ਘਟਨਾ ਅੰਮ੍ਰਿਤਸਰ ਬੱਸ ਸਟੈਂਡ ਦੀ ਹੈ, ਜਿੱਥੇ ਅਣਪਛਾਤੇ ਸਮਾਜ ਵਿਰੋਧੀ ਅਨਸਰਾਂ ਨੇ ਅੰਮ੍ਰਿਤਸਰ ਬੱਸ ਸਟੈਂਡ 'ਤੇ ਹਿਮਾਚਲ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੀਆਂ ਬੱਸਾਂ 'ਤੇ ਕਾਲੇ ਰੰਗ ਦੀ ਸਪਰੇਅ ਨਾਲ 'ਖਾਲਿਸਤਾਨ' ਲਿਖ ਕੇ ਭੰਨਤੋੜ ਕੀਤੀ। ਸ਼ਨੀਵਾਰ ਸਵੇਰੇ ਅੰਮ੍ਰਿਤਸਰ ਬੱਸ ਸਟੈਂਡ 'ਤੇ ਖੜੀਆਂ HRTC ਬੱਸਾਂ 'ਤੇ ਕਾਲੇ ਰੰਗ ਦੇ ਸਪ੍ਰੇ ਨਾਲ 'ਖਾਲਿਸਤਾਨ' ਲਿਖਿਆ ਹੋਇਆ ਸੀ ਤੇ ਉਨ੍ਹਾਂ ਦੀਆਂ ਖਿੜਕੀਆਂ ਟੁੱਟੀਆਂ ਹੋਈਆਂ ਸਨ। ਜਦੋਂ ਸਵੇਰੇ ਬੱਸ ਡਰਾਈਵਰਾਂ ਅਤੇ ਕੰਡਕਟਰਾਂ ਨੇ ਇਹ ਦੇਖਿਆ ਤਾਂ ਉਨ੍ਹਾਂ ਨੇ ਤੁਰੰਤ ਅਧਿਕਾਰੀਆਂ ਅਤੇ ਪੁਲਿਸ ਨੂੰ ਸੂਚਿਤ ਕੀਤਾ। ਇਸ ਦੇ ਨਾਲ ਹੀ ਹਿਮਾਚਲ ਦੀਆਂ ਬੱਸਾਂ ਦੇ ਡਰਾਈਵਰਾਂ ਨੇ ਹੁਣ ਪੰਜਾਬ ਵਿੱਚ ਬੱਸਾਂ ਚਲਾਉਣ ਤੋਂ ਸਪੱਸ਼ਟ ਤੌਰ 'ਤੇ ਇਨਕਾਰ ਕਰ ਦਿੱਤਾ ਹੈ। ਉਨ੍ਹਾਂ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਜਦੋਂ ਤੱਕ ਉਨ੍ਹਾਂ ਦੀ ਸੁਰੱਖਿਆ ਯਕੀਨੀ ਨਹੀਂ ਹੋ ਜਾਂਦੀ, ਉਹ ਬੱਸਾਂ ਨਹੀਂ ਚਲਾਉਣਗੇ। ਹਿਮਾਚਲ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੇ ਪ੍ਰਬੰਧ ਨਿਰਦੇਸ਼ਕ ਡਾ. ਨਿਪੁਣ ਜਿੰਦਲ ਨੇ ਵੀ ਮੀਡੀਆ ਨਾਲ ਗੱਲਬਾਤ ਕਰਦਿਆਂ ਇਸ ਦੀ ਪੁਸ਼ਟੀ ਕੀਤੀ ਅਤੇ ਕਿਹਾ ਕਿ ਇਹ ਬਹੁਤ ਗੰਭੀਰ ਮਾਮਲਾ ਹੈ। ਹਿਮਾਚਲ ਸਰਕਾਰ ਨੇ ਪਹਿਲਾਂ ਵੀ ਪੰਜਾਬ ਸਰਕਾਰ ਤੋਂ ਸੁਰੱਖਿਆ ਵਧਾਉਣ ਦੀ ਮੰਗ ਕੀਤੀ ਸੀ, ਪਰ ਅਜਿਹੀਆਂ ਘਟਨਾਵਾਂ ਦੁਬਾਰਾ ਵਾਪਰ ਰਹੀਆਂ ਹਨ, ਜੋ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਪੰਜਾਬ ਪੁਲਿਸ ਨਾਲ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਐਚਆਰਟੀਸੀ ਕਰਮਚਾਰੀ ਯੂਨੀਅਨ ਨੇ ਇਸ ਘਟਨਾ 'ਤੇ ਨਾਰਾਜ਼ਗੀ ਪ੍ਰਗਟ ਕੀਤੀ ਹੈ। ਯੂਨੀਅਨ ਨੇ ਨਿਗਮ ਪ੍ਰਬੰਧਨ ਤੋਂ ਬੱਸ ਅੱਡਿਆਂ 'ਤੇ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਸਖ਼ਤ ਕਰਨ ਦੀ ਮੰਗ ਕੀਤੀ ਹੈ। ਕਰਮਚਾਰੀਆਂ ਨੇ ਕਿਹਾ ਕਿ ਜੇ ਜਲਦੀ ਹੀ ਸੁਰੱਖਿਆ ਦੇ ਢੁਕਵੇਂ ਪ੍ਰਬੰਧ ਨਾ ਕੀਤੇ ਗਏ ਤਾਂ ਉਹ ਹਿਮਾਚਲ ਤੋਂ ਪੰਜਾਬ ਲਈ ਬੱਸ ਸੇਵਾ ਬੰਦ ਕਰਨ 'ਤੇ ਵਿਚਾਰ ਕਰ ਸਕਦੇ ਹਨ।

## ਪੰਜਾਬ 'ਚ ਨਹੀਂ ਰੁਕਣਗੀਆਂ HRTC ਬੱਸਾਂ ! ਹਿਮਾਚਲ ਸਰਕਾਰ ਦਾ ਸੁਰੱਖਿਆ ਦੇ ਮੱਦੇਨਜ਼ਰ ਵੱਡਾ ਫੈਸਲਾ

ਹਿਮਾਚਲ ਪ੍ਰਦੇਸ਼ ਵਿੱਚ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੀਆਂ ਤਸਵੀਰਾਂ ਉਤਾਰੇ ਜਾਣ ਤੋਂ ਬਾਅਦ ਉਠਿਆ ਵਿਵਾਦ ਸ਼ਾਂਤ ਹੋਣ ਦਾ ਨਾਮ ਨਹੀਂ ਲੈ ਰਿਹਾ ਹੈ। ਪੰਜਾਬ ਦੇ ਅੰਮ੍ਰਿਤਸਰ ਵਿੱਚ ਮੁੜ ਇੱਕ ਵਾਰ ਹਿਮਾਚਲ ਪ੍ਰਦੇਸ਼ ਤੋਂ ਆਈਆਂ ਬੱਸਾਂ ਦੇ ਉੱਪਰ ਵੱਖਵਾਦੀ ਨਾਹਰੇ ਲਿਖੇ ਜਾਣ ਅਤੇ ਸ਼ੀਸ਼ੇ ਤੋੜਨ ਦੀਆਂ ਵੀਡੀਓ ਵਾਇਰਲ ਹੋਈਆਂ ਹਨ, ਜਿਸ ਤੋਂ ਬਾਅਦ ਹਿਮਾਚਲ ਸਰਕਾਰ ਵੱਲੋਂ ਪੰਜਾਬ ਵਿੱਚ ਐਚਆਰਟੀਸੀ ਦੀਆਂ 600 ਬੱਸਾਂ ਦਾ ਦਾਖਲਾ ਰੋਕ ਦਿੱਤਾ ਗਿਆ ਹੈ। ਪੰਜਾਬ 'ਚ ਐਚਆਰਟੀਸੀ ਬੱਸਾਂ 'ਤੇ ਹਮਲੇ ਦੇ ਮੁੱਦੇ 'ਤੇ ਡਿਪਟੀ ਸੀਐਮ ਮੁਕੇਸ਼ ਅਗਨੀਹੋਤਰੀ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ। ਉਨ੍ਹਾਂ ਕਿਹਾ ਹੈ ਕਿ ਜਦੋਂ ਤੱਕ ਸੁਰੱਖਿਆ ਨੂੰ ਯਕੀਨੀ ਨਹੀਂ ਬਣਾਇਆ ਜਾਂਦਾ, ਉਦੋਂ ਤੱਕ ਪੰਜਾਬ ਵਿੱਚ 600 ਐਚਆਰਟੀਸੀ ਬੱਸਾਂ ਨਹੀਂ ਰੁਕਣਗੀਆਂ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਦੇ ਬੱਸ ਅੱਡਿਆਂ 'ਤੇ ਬੱਸਾਂ ਨਹੀਂ ਖੜੀਆਂ ਹੋਣਗੀਆਂ। ਇਸ ਮਾਮਲੇ ਨੂੰ ਲੈ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁੜ ਚਰਚਾ ਹੋਈ ਹੈ। ਹਿਮਾਚਲ ਦੇ ਡੀਜੀਪੀ ਨੇ ਪੰਜਾਬ ਦੇ ਡੀਜੀਪੀ ਨਾਲ ਗੱਲ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਮਾਮਲਾ ਕੇਂਦਰ ਸਰਕਾਰ ਅੱਗੇ ਵੀ ਉਠਾਇਆ ਜਾਵੇਗਾ। ਯਾਤਰੀਆਂ ਅਤੇ ਡਰਾਈਵਰ-ਕੰਡਕਟਰ ਦੀ ਸੁਰੱਖਿਆ ਸਾਡੀ ਤਰਜੀਹ ਹੈ। ਹਿਮਾਚਲ ਦੇ ਉਪ ਮੁੱਖ ਮੰਤਰੀ ਨੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਅਤੇ ਪੰਜਾਬ ਦੇ ਮੁੱਖ ਮੰਤਰੀ ਮਾਨ ਕੋਲੋਂ ਮਸਲੇ ਨੂੰ ਜਲਦੀ ਹੱਲ ਕਰਨ ਦੀ ਮੰਗ ਕੀਤੀ ਹੈ ਅਤੇ ਬੱਸਾਂ ਦੀ ਸੁਰੱਖਿਆ ਨਿਸ਼ਚਤ ਕਰਨ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਬੱਸਾਂ ਦੀ ਸੁਰੱਖਿਆ ਨਿਸ਼ਚਿਤ ਨਹੀਂ ਕੀਤੀ ਜਾਂਦੀ, ਉਦੋਂ ਤੱਕ ਪੰਜਾਬ ਵਿੱਚ ਬੱਸਾਂ ਨਹੀਂ ਵੜਨਗੀਆਂ। ਦੱਸ ਦਈਏ ਕਿ ਇਹ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਵਿੱਚ ਤਣਾਅ ਦਾ ਕਾਰਨ ਬਣਦਾ ਜਾ ਰਿਹਾ ਇਹ ਵਿਵਾਦ ਹਿਮਾਚਲ ਪ੍ਰਦੇਸ਼ ਦੇ ਕੁੱਲੂ ਇਲਾਕੇ ਤੋਂ ਸ਼ੁਰੂ ਹੋਇਆ ਸੀ, ਜਦੋਂ ਪੰਜਾਬ ਤੋਂ ਕੁਝ ਸੈਲਾਨੀ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਝੰਡੇ ਅਤੇ ਪੋਸਟਰ ਲੈ ਕੇ ਪੁੱਜੇ ਸਨ, ਪਰ ਸਥਾਨਕ ਲੋਕਾਂ ਨੇ ਜ਼ਬਰਦਸਤੀ ਇਨ੍ਹਾਂ ਝੰਡਿਆਂ ਨੂੰ ਖੋਹ ਕੇ ਪਾੜ ਦਿੱਤੇ ਅਤੇ ਮੋਟਰਸਾਈਕਲਾਂ ਨੂੰ ਨੁਕਸਾਨ ਪਹੁੰਚਾਇਆ। ਇਸ ਘਟਨਾ ਦੇ ਵਿਰੋਧ ਵਿੱਚ ਹੁਸ਼ਿਆਰਪੁਰ 'ਚ ਹਿਮਾਚਲ ਦੀਆਂ ਬੱਸਾਂ 'ਤੇ ਭਿੰਡਰਾਂਵਾਲੇ ਦੀਆਂ ਤਸਵੀਰਾਂ ਲਗਾਉਣੀਆਂ ਸ਼ੁਰੂ ਕਰ ਦਿੱਤੀਆਂ ਸਨ। ਉਪਰੰਤ, ਹਿਮਾਚਲ ਵਿੱਚ ਵੀ ਪੰਜਾਬ ਰੋਡਵੇਜ਼ ਦੀ ਬੱਸ ਨੂੰ ਰੋਕਿਆ ਗਿਆ, ਜਿਸ ਤੋਂ ਬਾਅਦ ਹੁਣ ਫਿਰ ਪੰਜਾਬ ਵਿੱਚ ਹਿਮਾਚਲ ਦੀਆਂ ਚਾਰ ਬੱਸਾਂ 'ਤੇ ਖਾਲਿਸਤਾਨੀ ਨਾਹਰੇ ਲਿਖੇ ਅਤੇ ਸ਼ੀਸ਼ੇ ਭੰਨੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।

## ਜ਼ੀਰਕਪੁਰ 'ਚ ਏ-ਕੈਟਾਗਰੀ ਦੇ ਗੈਂਗਸਟਰ ਲਵੀਸ਼ ਗਰੋਵਰ ਦਾ ਪੁਲਿਸ ਨੇ ਕੀਤਾ ਐਨਕਾਊਂਟਰ



**ਚੰਡੀਗੜ੍ਹ, 22 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਜ਼ੀਰਕਪੁਰ ਦੇ ਸ਼ਿਵਾ ਇਨਕਲੇਵ ਵਿੱਚ ਲੁਧਿਆਣਾ ਦੇ ਏ-ਕੈਟਾਗਰੀ ਦੇ ਗੈਂਗਸਟਰ ਲਵੀਸ਼ ਗਰੋਵਰ ਦਾ ਪੁਲਿਸ ਨੇ ਐਨਕਾਊਂਟਰ ਕੀਤਾ ਹੈ। ਜ਼ਖਮੀ ਗੈਂਗਸਟਰ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਐਸਪੀ ਦਿਹਾਤੀ ਮਨਪ੍ਰੀਤ ਸਿੰਘ ਅਨੁਸਾਰ ਲਵੀਸ਼ ਲੁਧਿਆਣਾ ਦਾ ਵਸਨੀਕ ਹੈ ਅਤੇ ਜ਼ੀਰਕਪੁਰ ਵਿੱਚ ਕਿਰਾਏ ਦੇ ਫਲੈਟ ਵਿੱਚ ਰਹਿ ਰਿਹਾ ਸੀ। ਦੱਸ ਦਈਏ ਕਿ ਪੰਜਾਬ ਦਾ ਨਾਮੀ ਗੈਂਗਸਟਰ ਲਵੀਸ਼ ਗਰੋਵਰ ਜਿਸ 'ਤੇ ਪਹਿਲਾਂ ਤੋਂ ਹੀ ਦਸ ਦੇ ਕਰੀਬ ਹੀਨੀਅਸ ਕ੍ਰਾਈਮ ਦੇ ਮੁਕਦਮੇ ਦਰਜ ਹਨ ਜਿਨ੍ਹਾਂ 'ਚ ਕਤਲ ਇਰਾਦਾ ਕਤਲ ਅਤੇ ਹੋਰ ਵੀ ਕਈ ਗੰਭੀਰ ਅਪਰਾਧ ਦੇ ਮਾਮਲੇ ਵੱਖ-ਵੱਖ ਥਾਣਿਆਂ ਵਿੱਚ ਦਰਜ ਹਨ ਉਹ ਮੋਹਾਲੀ ਦੇ ਜ਼ੀਰਕਪੁਰ ਇਲਾਕੇ ਵਿੱਚ ਕੋਈ ਵੱਡੀ ਘਟਨਾ ਨੂੰ ਅੰਜਾਮ ਦੇਣ ਦੀ ਫਿਰਾਕ ਵਿੱਚ ਘੁੰਮ ਰਿਹਾ ਸੀ। ਜਿਸ ਦੀ ਸੂਚਨਾ ਮੋਹਾਲੀ ਪੁਲਿਸ ਨੂੰ ਲੱਗੀ ਸੀ। ਸੂਚਨਾ ਮਿਲਣ ਮਗਰੋਂ ਪੁਲਿਸ ਵੱਲੋਂ ਸਿਵਾ ਇਨਕਲੇਵ ਸਥਿਤ ਉਸ ਦੀ ਰਿਹਾਇਸ਼ 'ਤੇ ਦਬਿਸ਼ ਦਿੱਤੀ ਜਿਸ 'ਤੇ ਲਵਿਸ ਗਰੋਵਰ ਵੱਲੋਂ ਪੁਲਿਸ ਪਾਰਟੀ ਦੇ ਉੱਪਰ ਤਿੰਨ ਦੇ ਕਰੀਬ ਫਾਇਰ ਕੀਤੇ ਗਏ ਜਵਾਬੀ ਕਾਰਵਾਈ ਵਿੱਚ ਲਵੀਸ਼ ਗਰੋਵਰ ਦੇ ਲੱਤ ਵਿੱਚ ਪੁਲਿਸ ਨੇ ਗੋਲੀਆਂ ਮਾਰੀਆਂ। ਜਿਸ ਤੋਂ ਬਾਅਦ ਆਰੋਪੀ ਨੂੰ ਡੇਰਾਬੱਸੀ ਸਰਕਾਰੀ ਹਸਪਤਾਲ ਵਿੱਚ ਇਲਾਜ ਲਈ ਲੈ ਕੇ ਜਾਂਦਾ ਗਿਆ। ਇਸ ਘਟਨਾ ਦੌਰਾਨ ਆਰੋਪੀ ਕੋਲੋਂ ਤਿੰਨ ਸਫੈਸਟੀਕੇਟਡ ਵੈਪਨ ਵੀ ਬਰਾਮਦ ਹੋਏ ਹਨ ਜਿਨਾਂ ਵਿੱਚ ਸਟਾਰ 30 ਜੋ ਕਿ ਭਾਰਤ ਵਿੱਚ ਬੈਨ ਹੈ, ਇੱਕ ਗਲੋਗ ਪਿਸਟਲ ਅਤੇ ਇੱਕ ਰਾਈਫਲ ਬਰਾਮਦ ਹੋਈ ਹੈ।

## 295 ਹੋਰ ਭਾਰਤੀ ਨਾਗਰਿਕ ਅਮਰੀਕਾ ਤੋਂ ਹੋਣਗੇ ਡਿਪੋਰਟ !

**ਨਵੀਂ ਦਿੱਲੀ/ਵਾਸ਼ਿੰਗਟਨ, 22 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਮਰੀਕੀ ਪ੍ਰਸ਼ਾਸਨ ਗੈਰ ਕਾਨੂੰਨੀ ਪ੍ਰਵਾਸੀਆਂ ਨੂੰ ਡਿਪਰੋਟ ਕਰਨ ਸਬੰਧੀ ਸਰਗਰਮੀ ਨਾਲ ਕੰਮ ਕਰ ਰਿਹਾ ਹੈ। ਤਾਜ਼ਾ ਜਾਣਕਾਰੀ ਮੁਤਾਬਕ ਅਮਰੀਕਾ ਤੋਂ ਜਲਦ ਹੀ 295 ਹੋਰ ਗੈਰ-ਕਾਨੂੰਨੀ ਭਾਰਤੀ ਪ੍ਰਵਾਸੀ ਆਪਣੇ ਦੇਸ਼ ਪਰਤ ਸਕਦੇ ਹਨ। ਹਾਲਾਂਕਿ ਉਨ੍ਹਾਂ ਦੇ ਆਉਣ ਦੇ ਵੇਰਵੇ, ਉਡਾਣ ਦੀ ਤਾਰੀਖ਼ ਬਾਰੇ ਅਜੇ ਕੋਈ ਖੁਲਾਸਾ ਨਹੀਂ ਕੀਤਾ ਗਿਆ। ਭਾਰਤ ਸਰਕਾਰ ਨੇ ਸੰਸਦ ਵਿੱਚ ਇਹ ਜਾਣਕਾਰੀ ਦਿੱਤੀ। ਵਿਦੇਸ਼ ਮਤਰੀ ਐੱਸ.ਜੈਸ਼ੰਕਰ ਨੇ ਕਿਹਾ ਕਿ ਭਾਰਤ ਸਰਕਾਰ ਉਨ੍ਹਾਂ 295 ਲੋਕਾਂ ਦੀ ਨਾਗਰਿਕਤਾ ਦੀ ਜਾਂਚ ਕਰ ਰਹੀ ਹੈ, ਜੋਕਿ ਅਮਰੀਕੀ ਫੌਜ ਦੀ ਹਿਰਾਸਤ ਵਿਚ ਹਨ। ਅਮਰੀਕੀ ਸਰਕਾਰ ਨੇ ਇਨ੍ਹਾਂ ਲੋਕਾਂ ਨੂੰ ਵਾਪਸ ਭੇਜਣ ਦੇ ਹੁਕਮ ਦਿੱਤੇ ਹਨ। ਵਿਦੇਸ਼ ਮੰਤਰੀ ਨੇ ਇੱਕ ਲਿਖਤੀ ਜਵਾਬ ਵਿਚ ਰਾਜ ਸਭਾ ਨੂੰ ਦੱਸਿਆ ਕਿ ਜਿਨ੍ਹਾਂ ਲੋਕਾਂ ਦੇ ਭਾਰਤੀ ਨਾਗਰਿਕ ਹੋਣ ਦੀ ਪੁਸ਼ਟੀ ਕੀਤੀ ਜਾਵੇਗੀ, ਸਿਰਫ ਉਨ੍ਹਾਂ ਨੂੰ ਹੀ ਡਿਪੋਰਟ ਲਈ ਸਵੀਕਾਰ ਕੀਤਾ ਜਾਵੇਗਾ। ਸ਼ੁੱਕਰਵਾਰ ਨੂੰ ਰਾਜ ਸਭਾ ਵਿੱਚ ਸੀ.ਪੀ.ਐਮ ਦੇ ਸੰਸਦ ਮੈਂਬਰ ਜੌਨ ਬ੍ਰਿਟਾਸ ਨੇ ਸਰਕਾਰ ਤੋਂ ਪੁੱਛਿਆ ਕਿ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਹੱਥਕੜੀ ਲਗਾ ਕੇ ਭਾਰਤ ਭੇਜੇ ਜਾਣ ਦੇ ਖ਼ਿਲਾਫ਼ ਕੀ ਕਦਮ ਚੁੱਕੇ ਗਏ ਹਨ। ਇਸ ਦੇ ਜਵਾਬ ਵਿਚ ਕੇਂਦਰ ਸਰਕਾਰ ਨੇ ਕਿਹਾ ਕਿ ਭਾਰਤ ਨੇ ਅਮਰੀਕਾ ਦੇ ਅਜਿਹੇ ਵਤੀਰੇ 'ਤੇ ਸਖ਼ਤ ਇਤਰਾਜ਼ ਪ੍ਰਗਟਾਇਆ ਹੈ। ਵਿਦੇਸ਼ ਮੰਤਰਾਲੇ ਨੇ ਸਪੱਸ਼ਟ ਕੀਤਾ ਕਿ ਅਮਰੀਕਾ ਨੇ ਭਰੋਸਾ ਦਿੱਤਾ ਹੈ ਕਿ 15 ਅਤੇ 16 ਫਰਵਰੀ ਨੂੰ ਆਉਣ ਵਾਲੀਆਂ ਉਡਾਣਾਂ ਵਿੱਚ ਔਰਤਾਂ ਅਤੇ ਬੱਚਿਆਂ ਨੂੰ ਹੱਥਕੜੀ ਨਹੀਂ ਲਗਾਈ ਗਈ ਸੀ ਅਤੇ ਅਧਿਕਾਰੀਆਂ ਨੇ ਖੁਦ ਭਾਰਤ ਪਹੁੰਚਣ 'ਤੇ ਪ੍ਰਵਾਸੀਆਂ ਨਾਲ ਗੱਲ ਕਰਨ ਤੋਂ ਬਾਅਦ ਇਸ ਦੀ ਪੁਸ਼ਟੀ ਕੀਤੀ ਹੈ। ਸਰਕਾਰ ਨੇ ਇਹ ਵੀ ਦੱਸਿਆ ਕਿ ਯੂ.ਐਸ ਡਿਪਾਰਟਮੈਂਟ ਆਫ ਇਮੀਗ੍ਰੇਸ਼ਨ ਐਂਡ ਕਸਟਮਜ਼ ਇਨਫੋਰਸਮੈਂਟ ਨੇ ਹਾਲ ਹੀ ਵਿੱਚ ਭਾਰਤ ਨੂੰ ਸੂਚਿਤ ਕੀਤਾ ਸੀ ਕਿ 295 ਹੋਰ ਭਾਰਤੀ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਜਲਦੀ ਹੀ ਡਿਪੋਰਟ ਕੀਤਾ ਜਾਵੇਗਾ। ਇਹ ਸਾਰੇ ਅਮਰੀਕੀ ਅਧਿਕਾਰੀਆਂ ਦੀ ਹਿਰਾਸਤ ਵਿੱਚ ਹਨ ਅਤੇ ਉਨ੍ਹਾਂ ਦੇ ਦਸਤਾਵੇਜ਼ਾਂ ਦੀ ਜਾਂਚ ਚੱਲ ਰਹੀ ਹੈ। ਐਮ.ਪੀ ਜੌਹਨ ਬ੍ਰਿਟਸ ਨੇ ਇਹ ਵੀ ਪੁੱਛਿਆ ਕਿ ਕਿੰਨੇ ਭਾਰਤੀ ਅਮਰੀਕਾ ਵਿੱਚ ਗੈਰ-ਕਾਨੂੰਨੀ ਢੰਗ ਨਾਲ ਰਹਿ ਰਹੇ ਹਨ ਅਤੇ ਕਿੰਨੇ ਲੋਕਾਂ ਨੂੰ ਭਾਰਤ ਭੇਜਣ ਦੀ ਯੋਜਨਾ ਹੈ। ਇਸ 'ਤੇ ਸਰਕਾਰ ਨੇ ਕਿਹਾ ਕਿ ਅਮਰੀਕਾ ਨੇ ਅਜੇ ਤੱਕ ਇਹ ਜਾਣਕਾਰੀ ਸਾਂਝੀ ਨਹੀਂ ਕੀਤੀ ਹੈ। ਹਾਲਾਂਕਿ 5 ਫਰਵਰੀ ਤੋਂ ਹੁਣ ਤੱਕ 388 ਭਾਰਤੀ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਭਾਰਤ ਡਿਪੋਰਟ ਕੀਤਾ ਜਾ ਚੁੱਕਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਵਿਦੇਸ਼ ਰਾਜ ਮੰਤਰੀ ਕੀਰਤੀ ਵਰਧਨ ਸਿੰਘ ਨੇ ਸਦਨ ਨੂੰ ਦੱਸਿਆ ਕਿ 2009 ਤੋਂ ਹੁਣ ਤੱਕ ਕੁੱਲ 15,952 ਭਾਰਤੀਆਂ ਨੂੰ ਅਮਰੀਕਾ ਵੱਲੋਂ ਡਿਪੋਰਟ ਕੀਤਾ ਜਾ ਚੁੱਕਾ ਹੈ। 2019 ਵਿੱਚ ਵੱਧ ਤੋਂ ਵੱਧ 2,042 ਭਾਰਤੀਆਂ ਨੂੰ ਡਿਪੋਰਟ ਕੀਤਾ ਗਿਆ ਸੀ। ਸਵਾਲ ਇਹ ਵੀ ਉਠਾਏ ਗਏ ਕਿ ਅਮਰੀਕਾ ਤੋਂ ਪਰਤਣ ਵਾਲੀਆਂ ਫਲਾਈਟਾਂ ਅੰਮ੍ਰਿਤਸਰ ਵਿਚ ਹੀ ਕਿਉਂ ਲੈਂਡ ਕਰ ਰਹੀਆਂ ਹਨ। ਸਰਕਾਰ ਨੇ ਕਿਹਾ ਕਿ 40% ਗੈਰ-ਕਾਨੂੰਨੀ ਪ੍ਰਵਾਸੀ ਪੰਜਾਬ ਤੋਂ ਹਨ ਅਤੇ 34% ਹਰਿਆਣਾ ਤੋਂ ਆਉਂਦੇ ਹਨ, ਇਸ ਲਈ ਉਨ੍ਹਾਂ ਨੂੰ ਉਨ੍ਹਾਂ ਦੇ ਨਜ਼ਦੀਕੀ ਸਥਾਨਾਂ 'ਤੇ ਲਿਆਉਣਾ ਸੁਵਿਧਾਜਨਕ ਹੈ। ਕੇਂਦਰ ਸਰਕਾਰ ਮੁਤਾਬਕ 2009 ਤੋਂ 2024 ਦਰਮਿਆਨ 15,564 ਭਾਰਤੀ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਅਮਰੀਕਾ ਤੋਂ ਡਿਪੋਰਟ ਕੀਤਾ ਗਿਆ ਹੈ।




## ਸਰਕਾਰ ਨੂੰ ਪਈ ਬਿਪਤਾ ! ਡੱਲੇਵਾਲ ਨੇ ਪਿਛਲੇ 73 ਘੰਟਿਆਂ ਤੋਂ ਨਹੀਂ ਪੀਤਾ ਪਾਣੀ, ਮੈਡੀਕਲ ਸਹੂਲਤ ਲੈਣ ਤੋਂ ਵੀ ਇਨਕਾਰ

**ਚੰਡੀਗੜ੍ਹ, 22 ਮਾਰਚ (ਆਵਾਜ਼ਿ ਕੌਮ ਬਿਊਰੋ)**-ਸਰਕਾਰ ਨਾਲ ਹੋਈ ਮੀਟਿੰਗ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਗ੍ਰਿਫਤਾਰ ਕੀਤੇ ਜਾਣ ਤੋਂ ਬਾਅਦ ਜਗਜੀਤ ਸਿੰਘ ਡੱਲੇਵਾਲ ਵੱਲੋਂ ਪਾਣੀ ਪੀਣਾ ਬੰਦ ਕਰ ਦਿੱਤਾ ਗਿਆ। ਪਾਣੀ ਬੰਦ ਕੀਤੇ ਗਏ ਨੂੰ ਹੁਣ 73 ਘੰਟਿਆਂ ਤੋਂ ਵੱਧ ਦਾ ਸਮਾ ਹੋ ਚੁੱਕਿਆ ਹੈ। ਇਸ ਦੇ ਨਾਲ ਹੀ ਮੈਡੀਕਲ ਸੁਵਿਧਾ ਵੀ ਬੰਦ ਕਰ ਦਿੱਤੀ ਗਈ ਹੈ। ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਨੇ ਸੋਸ਼ਲ ਮੀਡੀਆ ਉੱਤੇ ਇਸ ਦੀ ਜਾਣਕਾਰੀ ਸਾਂਝੀ ਕੀਤੀ ਹੈ। ਉਨ੍ਹਾਂ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਜਗਜੀਤ ਸਿੰਘ ਡੱਲੇਵਾਲ ਵੱਲੋ ਪਾਣੀ ਪੀਣਾ ਬੰਦ ਕੀਤੇ ਨੂੰ ਹੋਏ 73 ਘੰਟੇ, ਇਸ ਤੋਂ ਪਹਿਲਾਂ ਇੱਕ ਹੋਰ ਪੋਸਟ ਸਾਂਝੀ ਕੀਤੀ ਗਈ ਸੀ ਜਿਸ ਵਿੱਚ ਲਿਖਿਆ ਸੀ ਜਗਜੀਤ ਸਿੰਘ ਡੱਲੇਵਾਲ ਵੱਲੋਂ ਪਾਣੀ ਪੀਣਾ ਬੰਦ ਕਰਨ ਤੋਂ ਬਾਅਦ ਹੁਣ ਹਰ ਤਰ੍ਹਾਂ ਦੀ ਮੈਡੀਕਲ ਸਹਾਇਤਾ ਲੈਣੀ ਵੀ ਕੀਤੀ ਗਈ ਬੰਦ। ਇਸ ਤੋਂ ਬਾਅਦ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਨੂੰ ਚਿੰਤਾ ਖੜ੍ਹੀ ਹੋ ਗਈ ਹੈ। ਇਸ ਨੂੰ ਲੈ ਕੇ ਕਿਸਾਨ ਆਗੂਆਂ ਕਿਹਾ ਕਿ ਇਤਿਹਾਸ ਗਵਾਹ ਹੈ ਅੱਜ ਤੱਕ ਕਿਸੇ ਵੀ ਲੋਕਤੰਤਰਿਕ ਸਰਕਾਰ ਜਾਂ ਇਤਿਹਾਸ ਵਿੱਚ ਆਪਣੇ ਲੋਕਾਂ ਉੱਪਰ ਜੁਲਮ ਕਰਨ ਲਈ ਬਦਨਾਮ ਕਿਸੇ ਵੀ ਤਾਨਾਸ਼ਾਹ ਵੱਲੋਂ ਵੀ ਕਦੇ ਕਿਸੇ ਧਿਰ ਨੂੰ ਗੱਲਬਾਤ ਲਈ ਬੁਲਾ ਕੇ ਧੋਖੇ ਨਾਲ ਗ੍ਰਿਫਤਾਰ ਨਹੀਂ ਕੀਤਾ ਗਿਆ ਅਤੇ ਨਾਂ ਹੀ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਲੱਗੇ ਮੋਰਚੇ ਉੱਪਰ ਹਮਲਾ ਕੀਤਾ ਗਿਆ। ਸ਼ਹੀਦ-ਏ-ਆਜ਼ਮ ਭਗਤ ਸਿੰਘ ਜੀ ਦੇ ਪਿੰਡ ਖਟਕੜ ਕਲਾਂ ਵਿਖੇ ਲੋਕਾਂ ਦੇ ਹੱਕਾਂ ਹਕੂਕਾਂ ਦੀ ਗੱਲ ਕਰਨ ਦਾ ਵਾਅਦਾ ਕਰਕੇ ਅਤੇ ਕਸਮ ਖਾ ਕੇ ਪੰਜਾਬ ਦੀ ਸੱਤਾ ਸੰਭਾਲਣ ਵਾਲੀ ਪੰਜਾਬ ਸਰਕਾਰ ਵੱਲੋਂ ਮੀਟਿੰਗ ਉੱਪਰ ਆਏ ਹੋਏ ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕਰਕੇ ਪਿੱਠ ਵਿੱਚ ਛੁਰਾਂ ਮਾਰਨ ਦਾ ਕੰਮ ਕੀਤਾ ਗਿਆ। ਕਿਸਾਨ ਆਗੂਆਂ ਨੇ ਕਿਹਾ ਕਿ ਮੋਰਚੇ ਉੱਪਰ ਹਮਲਾ ਕਰਕੇ 80, 80 ਸਾਲ ਦੇ ਬਜ਼ੁਰਗਾਂ ਉੱਪਰ ਜ਼ੁਲਮ ਕੀਤਾ ਗਿਆ। ਕਿਸਾਨ ਆਗੂਆਂ ਦੱਸਿਆ ਕਿ ਬਾਾਰਡਰਾਂ ਉੱਪਰ ਕਿਸਾਨਾਂ ਦੇ ਰਹਿਣ ਬਸੇਰਿਆ ਦਾ ਪੰਜਾਬ ਸਰਕਾਰ ਦੀ ਸ਼ਿਹ ਪ੍ਰਾਪਤ ਹੋਣ ਕਾਰਨ ਪੁਲਿਸ ਵੱਲੋਂ ਭੰਨਤੋੜ ਕਰਕੇ ਉਜਾੜਾ ਕੀਤਾ ਗਿਆ ਅਤੇ ਉਹਨਾਂ ਰਹਿਣ ਬਸੇਰਿਆਂ ਵਿੱਚ ਜੋ ਕਿਸਾਨਾਂ ਦਾ ਕੀਮਤੀ ਸਮਾਨ ਪਿਆ ਸੀ ਉਸ ਦੀ ਤੋੜ ਭੰਨ ਕੀਤੀ ਗਈ ਅਤੇ ਪੰਜਾਬ ਪੁਲਿਸ ਦੀ ਨਿਗਰਾਨੀ ਵਿੱਚ ਪ੍ਰਸ਼ਾਸਨ ਦੀ ਮਿਲੀ ਭੁਗਤ ਨਾਲ ਸ਼ੰਭੂ ਅਤੇ ਖਨੌਰੀ ਬਾਰਡਰ ਤੋਂ ਕੀਮਤੀ ਸਮਾਨ ਫਰਿਜ,ਕੂਲਰ,ਏਸੀ, ਇਨਵਾਈਟਰ,ਬਿਸਤਰੇ ਮੰਜੇ ਆਦਿ ਲੱਖਾਂ ਰੁਪਏ ਦਾ ਸਾਮਾਨ ਗਾਇਬ ਹੋ ਰਿਹਾ। ਉਨ੍ਹਾਂ ਨੇ ਕਿਹਾ ਕਿ ਗ੍ਰਿਫਤਾਰ ਕੀਤੇ ਕਿਸਾਨਾਂ ਨੂੰ ਰਿਹਾਅ ਅਤੇ ਜੋ ਟਰੈਕਟਰ ਟਰਾਲੀਆਂ ਦਾ ਨੁਕਸਾਨ ਹੋਇਆ ਉਸ ਦੀ ਸਰਕਾਰ ਭਰਪਾਈ ਕਰੇ।



ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆਂ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫਤਹਿ | ਅੰਮ੍ਰਿਤ ਛਕੋ ਸਿੰਘ ਸਜੋ - ਨਸ਼ੇ ਛੱਡੋ ਕੋਹੜ ਵੱਡੋ | ਪੰਥ ਕੀ ਜੀਤ

# ਖਾਲਸਾ ਸਾਜਨਾ ਦਿਵਸ ਦੇ ਸਬੰਧ ਵਿੱਚ ਤਿੰਨ ਰੋਜ਼ਾ

# ਮਹਾਨ ਗੁਰਮਤਿ ਸਮਾਗਮ

ਗੁਰਦੁਆਰਾ ਸ੍ਰੀ ਨਾਮਦੇਵ ਭਵਨ, ਅਕਾਲਸਰ ਰੋਡ, ਮੋਗਾ ਵਿਖੇ ਮਿਤੀ 25-26-27 ਮਾਰਚ, 2025 ਦਿਨ ਮੰਗਲਵਾਰ, ਬੁੱਧਵਾਰ ਅਤੇ ਵੀਰਵਾਰ ਸ਼ਾਮ 6.00 ਤੋਂ 9.15 ਵਜੇ ਤੱਕ ਦੀਵਾਨ ਸਜਾਏ ਜਾਣਗੇ । ਜਿਸ ਵਿੱਚ ਪੰਥ ਦੇ ਮਹਾਨ ਕੀਰਤਨ, ਕਥਾ ਵਾਚਕ, ਢਾਡੀ, ਕਵਿਸ਼ਰੀ ਸਿੰਘ ਹਾਜ਼ਰੀਆਂ ਭਰਨਗੇ ਇਸ ਹੋ ਰਹੇ ਮਹਾਨ ਗੁਰਮਤਿ ਸਮਾਗਮ ਵਿੱਚ ਪਹੁੰਚ ਕੇ ਲਾਹੇ ਪ੍ਰਾਪਤ ਕਰੋ ਜੀ ।

ਮਿਤੀ 25 ਮਾਰਚ, 2025
ਦਿਨ ਮੰਗਲਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਕਥਾ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਨਿਰਮਲ ਸਿੰਘ ਧੂਲਕੋਟ)

ਮਿਤੀ 26 ਮਾਰਚ, 2025
ਦਿਨ ਬੁੱਧਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਭਾਈ ਸੁਖਵਿੰਦਰ ਸਿੰਘ ਢਾਡੀ ਜੱਥਾ)

ਮਿਤੀ 27 ਮਾਰਚ, 2025
ਦਿਨ ਵੀਰਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਸੁਖਦੇਵ ਸਿੰਘ ਡੱਲਾ)





ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਸੁਖਦੇਵ ਸਿੰਘ ਡੱਲਾ



ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਨਿਰਮਲ ਸਿੰਘ ਧੂਲਕੋਟ

ਅੰਮ੍ਰਿਤ ਛਕੋ ਸਿੰਘ ਸਜੋ - ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ
ਧੰਨ ਧੰਨ ਮਾਤਾ ਸਾਹਿਬ ਕੌਰ ਜੀ ਦੇ ਪੁੱਤਰੋ ਧੀਓ ਅੰਮ੍ਰਿਤ ਧਾਰੀ ਹੋ ਕੇ ਜੀਓ।

ਮਿਤੀ 28 ਮਾਰਚ, 2025 ਦਿਨ ਸ਼ੁਕਰਵਾਰ ਨੂੰ ਸਵੇਰੇ 11:30 ਵਜੇ ਮਹਾਨ ਅੰਮ੍ਰਿਤ ਸੰਚਾਰ ਹੋਵੇਗਾ।
ਅੰਮ੍ਰਿਤ ਅਭਿਲਾਖੀ ਪ੍ਰਾਣੀ ਕੇਸੀ ਇਸ਼ਨਾਨ ਕਰਕੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
ਕਕਾਰਾਂ ਦੀ ਸੇਵਾ ਫਰੀ ਕੀਤੀ ਜਾਵੇਗੀ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :
ਭਾਈ ਗੁਰਮੀਤ ਸਿੰਘ ਸਲੀਣਾ (UK) 73409-17046
ਭਾਈ ਹਰਮੇਲ ਸਿੰਘ ਮੋਗਾ 94171-39213

ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਵੱਲੋਂ : ਗੁਰਦੁਆਰਾ ਨਾਮਦੇਵ ਭਵਨ ਪ੍ਰਬੰਧਕੀ ਕਮੇਟੀ, ਮੋਗਾ
ਮੋ: 99156-86386

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


ੴ ਸਤਿਗੁਰ ਪ੍ਰਸਾਦਿ ॥
ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ
ਪ੍ਰਗਟਿਓ ਖਾਲਸਾ ਅਤੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ
ਕਥਾ ਕੀਰਤਨ ਦਰਬਾਰ
ਮਿਤੀ 4, 5, 6, 7, 8 ਅਪ੍ਰੈਲ 2025 ਸਮਾਂ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ
ਪਿੰਡ ਮੜੌਲੀ ਕਲਾਂ (ਸ਼ਹਿਰ ਮੋਰਿੰਡਾ)
ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਤਖਤ ਸ੍ਰੀ ਕੇਸਗੜ੍ਹ ਸਾਹਿਬ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਸਾਬਕਾ ਜਥੇਦਾਰ
ਸੰਤ ਬਾਬਾ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ
ਜਥੇਦਾਰ ਬਾਬਾ ਬਲਜੀਤ ਸਿੰਘ ਜੀ ਦਾਦੂਵਾਲ ਸਾਹਿਬ
ਬਾਬਾ ਗੁਲਾਬ ਸਿੰਘ ਜੀ ਸ੍ਰੀ ਚਮਕੌਰ ਸਾਹਿਬ
ਭਾਈ ਸੁਰਿੰਦਰਪਾਲ ਸਿੰਘ ਸੋਢੀ ਮੋਰਿੰਡੇ ਵਾਲੇ
ਬੇਨਤੀ ਕਰਤਾ: ਦਾਸ ਸੁਰਿੰਦਰਪਾਲ ਸਿੰਘ ਸੋਢੀ (ਮੋਰਿੰਡੇ ਵਾਲੇ) ਅਤੇ ਸਮੂਹ ਨਗਰ ਨਿਵਾਸੀ ਸਾਧ ਸੰਗਤ ਪਿੰਡ ਮੜੌਲੀ ਕਲਾਂ 84373-90114


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
29ਵਾਂ ਸਲਾਨਾ ਜੋੜ ਮੇਲਾ
ਗੁਰਮਤਿ ਸਮਾਗਮ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ
ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ,
ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ,
ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ।
ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404
ਸੰਪਰਕ ਨੰਬਰ
98141-27470
84278-66404
73408-35137

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥



ਸਿੱਖ ਸੰਘਰਸ਼ ਦੇ ਮਹਾਨ ਜਰਨੈਲ ਬੱਬਰ ਖਾਲਸਾ ਇੰਟਰਨੈਸ਼ਨਲ ਦੇ
ਮੁਖੀ ਜਥੇਦਾਰ ਵਧਾਵਾ ਸਿੰਘ ਬੱਬਰ ਦੇ ਭੈਣ ਜੀ ਬਲਬੀਰ ਕੌਰ ਜੀ ਦੇ
ਪਤੀ ਮੌਜੂਦਾ ਸਿੱਖ ਸੰਘਰਸ਼ ਦੌਰਾਨ ਤਸ਼ੱਦਦ ਝੱਲਣ ਵਾਲੇ

# ਸਰਦਾਰ ਗੁਰਨਾਮ ਸਿੰਘ ਭੰਗਾਲਾ

ਜੋ ਬੀਤੇ ਦਿਨੀਂ 16 ਮਾਰਚ ਨੂੰ ਗੁਰਪੁਰੀ ਜਾ ਬਿਰਾਜੇ ਹਨ ਉਨ੍ਹਾਂ ਦਾ ਅੰਤਿਮ ਸੰਸਕਾਰ ਮਿਤੀ 19 ਮਾਰਚ ਨੂੰ ਪਿੰਡ ਭੰਗਾਲਾ, ਤਹਿਸੀਲ ਫਿਲੌਰ ਜਿਲ੍ਹਾ ਜਲੰਧਰ ਨੇੜ੍ਹੇ ਨੂਰਮਹਿਲ ਵਿਖੇ ਹੋਵੇਗਾ ਅਤੇ ਅੰਤਿਮ ਅਰਦਾਸ 25 ਮਾਰਚ ਦਿਨ ਮੰਗਲਵਾਰ ਨੂੰ ਹੋਵੇਗੀ।

**ਆਪ ਸਭ ਸੰਗਤਾਂ ਨੇ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।**

ਗੁਰੂ ਪੰਥ ਦੇ ਦਾਸ
ਭਾਈ ਬਖਸ਼ੀਸ਼ ਸਿੰਘ ਮੁਖੀ ਅਖੰਡ ਕੀਰਤਨੀ ਜਥਾ ਭਾਰਤ, ਭਾਈ ਭੁਪਿੰਦਰ ਸਿੰਘ ਪਹਿਲਵਾਨ ਮੁਖੀ ਅਖੰਡ ਕੀਰਤਨੀ ਜਥਾ ਜਰਮਨੀ ।
ਹਵਾਰਾ ਕਮੇਟੀ ਵਲੋਂ ਬਾਪੂ ਗੁਰਚਰਨ ਸਿੰਘ, ਪ੍ਰੋਫੈਸਰ ਬਲਜਿੰਦਰ ਸਿੰਘ, ਮਹਾਵੀਰ ਸਿੰਘ ਸੁਲਤਾਨਵਿੰਡ, ਸ੍ਰ.ਦਰਸ਼ਨ ਸਿੰਘ, ਉਤਮਪ੍ਰੀਤ ਸਿੰਘ ਅਤੇ ਜਸਪਾਲ ਸਿੰਘ

ਸੰਪਰਕ : 8146215678

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ ਜੀ



# ਹੋਲੇ ਮਹੱਲੇ ਸਮਰਪਿਤ

# ਨਗਰ ਕੀਰਤਨ

# ਸਜਾਇਆ ਜਾਵੇਗਾ

# ਐਤਵਾਰ 30 ਮਾਰਚ 2025

**ਗੁਰਤਾਗੱਦੀ ਦਿਵਸ : ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ।**

**ਗੁਰਤਾਗੱਦੀ ਦਿਵਸ : ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ**

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਪਰਿਵਾਰਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸਮੂਹ ਸਾਧ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਵੱਧ ਤੋਂ ਵੱਧ ਸਾਕ ਸਬੰਧੀਆਂ ਰਿਸ਼ਤੇਦਾਰਾਂ ਦੋਸਤਾਂ-ਮਿੱਤਰਾਂ ਨੂੰ ਸ਼ੇਅਰ ਜ਼ਰੂਰੀ ਕਰੋ

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
**Call+393475711755 / 3208124778**


ਕਰੋ ਕਿਰਪਾ ਨਿਧਿ ਬਚਨ ਅਮੋਲਾ ॥ ਔਰਨ ਕੀ ਹੋਲੀ ਮਮ ਹੋਲਾ ॥
ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ
ਦਮਦਮੀ ਟਕਸਾਲ ਇਟਲੀ
ਘੜੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਹੋਲੇ ਮਹੱਲੇ ਨੂੰ ਸਮਰਪਿਤ
ਮਹਾਨ ਨਗਰ ਕੀਰਤਨ
30 ਮਾਰਚ 2025 ਦਿਨ ਐਤਵਾਰ ਨੂੰ ਸਜਾਏ ਜਾ ਰਹੇ ਹਨ।
ਸਮਾਂ : 12 ਵਜੇ ਤੋ ਸ਼ਾਮ 5 ਵਜੇ ਤੱਕ
ਆਪ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਪੁਹੁੰਚਣ ਦੀ ਕਿਰਪਾਲਤਾ ਕਰਨੀ।
ਕੌਮ ਦੇ ਮਹਾਨ ਰਾਗੀ ਢਾਡੀ, ਕਥਾਵਾਚਕ ਪੁਹੁੰਚ ਰਹੇ ਹਨ।
ਆਵਾਜ਼ਿ ਕੌਮ AWAZE QAUM
International Newspaper & WEB TV
VIA GIACOMO MATTEOTTI N.3
CASALMORANO, CR, 26020, IT
EMAIL: GUR.DAMDAMITAKSAALITALY@GMAIL.COM
CALL +393475711755 / 3208124778







ਪੰਥ ਬਚਾਓ

ਪੰਜਾਬ ਬਚਾਓ

## ਉੱਠੋ ! ਜਾਗੋ ! ਹੰਭਲਾ ਮਾਰੋ, ਆਪਣਾ ਦੇਸ਼ ਪੰਜਾਬ ਸਵਾਰੋ

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਥ ਅਤੇ ਪੰਜਾਬ ਨੂੰ ਬਚਾਉਣ ਦੀ ਅਪੀਲ

## ਪੰਜਾਬ ਦੇ ਸੂਝਵਾਨ ਅਤੇ ਸੋਚਵਾਨ ਭੈਣੋਂ ਅਤੇ ਭਰਾਵੋ

ਅੱਜ ਪੰਥ ਅਤੇ ਪੰਜਾਬ ਦੀ ਜੋ ਦੁਰਦਸ਼ਾ ਧਾਰਮਿਕ ਅਤੇ ਸਿਆਸੀ ਲੋਕਾਂ ਨੇ ਕੀਤੀ ਹੈ, ਇਸ ਤੋਂ ਤੁਸੀਂ ਭਲੀ ਭਾਂਤ ਜਾਣੂ ਹੋ। ਇਹਨਾਂ ਸਮੱਸਿਆਵਾਂ ਨੂੰ ਸੁਲਝਾਉਣ ਲਈ ਪੰਜਾਬ ਦਾ ਦਰਦ ਰੱਖਣ ਵਾਲੇ ਲੋਕਾਂ ਨੇ ਵਾਰਿਸ ਪੰਜਾਬ ਦੇ ਬਣ ਕੇ ਤੁਹਾਡਾ ਸਹਿਯੋਗ ਮੰਗਿਆ ਹੈ, ਕਿ ਆਉ ਰਲ ਕੇ ਬੈਠੀਏ ਤੇ ਸਮੱਸਿਆਵਾਂ ਨੂੰ ਹੱਲ ਕਰਨ ਦੇ ਯਤਨ ਕਰੀਏ। ਇਹ ਇਕੱਲੇ ਜਾਂ ਦੋ ਚਾਰਾ ਬੰਦਿਆ ਦਾ ਕੰਮ ਨਹੀਂ ਬਲਕਿ ਸਮੁੱਚੇ ਪੰਜਾਬ ਨੂੰ 'ਪੰਜਾਬ ਦਾ ਵਾਰਿਸ' ਬਣਨਾ ਪਵੇਗਾ । ਇਸ ਲਈ ਅਪੀਲ ਕਰਦੇ ਹਾਂ ਕਿ ਹੇਠ ਲਿਖੇ ਮੁੱਦਿਆਂ ਤੇ ਇੱਕ ਮੱਤ ਹੋ ਕੇ ਇਹਨਾਂ ਨੂੰ ਸੁਲਝਾਉਣ ਦਾ ਯਤਨ ਕਰੀਏ ਅਤੇ ਹਰੇਕ ਪੰਜਾਬ ਵਾਸੀ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਜੋ ਵੀ ਵਿਚਾਰ 'ਪੰਥ ਅਤੇ ਪੰਜਾਬ' ਨੂੰ ਬਚਾਉਣ ਲਈ ਉਹਨਾਂ ਦੇ ਜ਼ਿਹਨ ਵਿੱਚ ਆਉਂਦੇ ਹਨ ਉਹ 14 ਅਪ੍ਰੈਲ 2025 ਵਿਸਾਖੀ ਵਾਲੇ ਦਿਨ 'ਤਖ਼ਤ ਸ਼੍ਰੀ ਦਮਦਮਾ ਸਾਹਿਬ', ਤਲਵੰਡੀ ਸਾਬੋ ਵਿਖੇ ਕਾਨਫ਼ਰੰਸ ਵਿੱਚ ਸ਼ਾਮਿਲ ਹੋ ਕੇ ਲਿਖ਼ਤੀ ਰੂਪ ਵਿੱਚ ਦੇਵੋ ਜੀ।

### ਧਾਰਮਿਕ ਮਸਲੇ :-

1. ਅਕਾਲ ਤਖ਼ਤ ਸਾਹਿਬ ਦੀ ਸਰਵ ਉੱਚਤਾ
2. ਸ਼੍ਰੋਮਣੀ ਕਮੇਟੀ ਦੀ ਬਣਤਰ
3. ਸਿੱਖ ਵਿੱਦਿਅਕ ਬੋਰਡ
4. ਸਿੰਘ ਸਹਿਬਾਨਾਂ ਦੀ ਨਿਯੁਕਤੀ ਅਤੇ ਸੇਵਾ ਮੁਕਤੀ
5. ਸ਼੍ਰੋਮਣੀ ਕਮੇਟੀ ਦੇ ਕਾਰਜ
6. ਬੰਦੀ ਸਿੰਘਾਂ ਦੀ ਰਿਹਾਈ
7. ਬੇਅਦਬੀ ਘਟਨਾਵਾਂ ਦੀ ਰੋਕ ਅਤੇ ਇਨਸਾਫ਼
8. ਪੰਜਾਬ ਤੋਂ ਬਾਹਰ ਦੇ ਗੁਰੂਦੁਆਰਿਆਂ ਦੀ ਸਾਂਭ ਸੰਭਾਲ

### ਪੰਜਾਬ ਦੇ ਮਸਲੇ :-

1. ਨਸ਼ਿਆਂ ਤੋਂ ਮੁਕਤੀ ਲਈ ਸੁਝਾਅ
2. ਬੇਰੁਜ਼ਗਾਰੀ, ਸਵੈ-ਰੁਜ਼ਗਾਰੀ ਦੇ ਪ੍ਰਬੰਧ
3. ਕਿਸਾਨੀ ਪੈਦਾਵਾਰ, ਫਸਲੀ ਵਿਭਿੰਨਤਾ ਅਤੇ ਮੰਡੀਕਰਨ
4. ਵਿੱਦਿਆ ਦਾ ਪ੍ਰਬੰਧ
5. ਜਨਤਕ ਸਿਹਤ ਦਾ ਸਮੁੱਚਾ ਪ੍ਰਬੰਧ
6. ਲਾਲ ਲਕੀਰ ਅੰਦਰ ਆਉਂਦੀ ਜਾਇਦਾਦ ਦੀ ਮਲਕੀਅਤ
7. ਲੋਕ ਸੁਰੱਖਿਆ, ਫਿਰੌਤੀਆਂ ਰੋਕਣ ਦਾ ਪ੍ਰਬੰਧ
8. ਖੇਤੀ ਸਿੰਚਾਈ ਢਾਂਚਾ
9. ਧਰਤੀ ਹੇਠ ਖਤਮ ਹੋ ਰਹੇ ਪਾਣੀ ਦਾ ਪ੍ਰਬੰਧ
10. ਕਿਸਾਨ ਖ਼ੁਦਕੁਸ਼ੀ ਅਤੇ ਕਰਜ਼ਾ ਮੁਕਤੀ
11. ਉਦਯੋਗ ਵਿਕਾਸ
12. ਬਿਜਲੀ ਪ੍ਰਬੰਧ
13. ਵਾਤਾਵਰਣ ਪ੍ਰਦੂਸ਼ਣ
14. ਪੰਜਾਬ ਤੋਂ ਵਿਦੇਸ਼ਾਂ ਵਿੱਚ ਪ੍ਰਵਾਸ ਅਤੇ ਪੰਜਾਬ ਵਿੱਚ ਦੂਜੇ ਰਾਜਾਂ ਤੋਂ ਪ੍ਰਵਾਸ
15. ਚੰਡੀਗੜ੍ਹ ਅਤੇ ਪੰਜਾਬੀ ਬੋਲਦੇ ਇਲਾਕੇ
16. ਰਾਜਾਂ ਦੇ ਵੱਧ ਅਧਿਕਾਰ
17. ਪੰਜਾਬ ਦੀ ਆਰਥਿਕ ਵਿਵਸਥਾ
18. ਸਹਿਕਾਰਤਾ ਖੇਤਰ ਦਾ ਵਿਕਾਸ
19. ਪੀਣ ਵਾਲੇ ਸ਼ੁੱਧ ਪਾਣੀ ਦਾ ਪ੍ਰਬੰਧ
20. ਅੰਤਰ-ਰਾਜੀ ਜਲ ਸਮਝੌਤੇ
21. ਪੰਜਾਬੀ ਬੋਲੀ ਅਤੇ ਸੱਭਿਆਚਾਰ
22. ਖਾਣ ਪੀਣ ਦੀਆਂ ਵਸਤਾਂ ਵਿੱਚ ਮਿਲਾਵਟ ਖੋਰੀ
23. ਪਿੰਡਾਂ ਅਤੇ ਸ਼ਹਿਰਾਂ ਦੇ ਗੰਦੇ ਪਾਣੀ ਦਾ ਨਿਕਾਸ
24. ਧਰਤੀ ਹੇਠ ਪ੍ਰਦੂਸ਼ਿਤ ਹੋ ਰਿਹਾ ਪਾਣੀ ਅਤੇ ਦਰਿਆਵਾਂ, ਨਹਿਰਾਂ ਵਿੱਚ ਪੈ ਰਹੇ ਪ੍ਰਦੂਸ਼ਿਤ ਪਾਣੀ ਦਾ ਟਰੀਟਮੈਂਟ ਪਲਾਂਟ ਪ੍ਰਬੰਧ
25. ਹੁਸੈਨੀ ਵਾਲਾ ਅਤੇ ਵਾਹਗਾ ਬਾਡਰ ਰਾਹੀਂ ਖੁੱਲ੍ਹਾ ਵਪਾਰ
26. ਮਨਰੇਗਾ ਵਿੱਚ ਰੋਜ਼ਗਾਰ ਦੇ ਵਿਸਥਾਰ ਬਾਰੇ





ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਅਕਾਲ ਸਹਾਇ

# ਗੁਰਮਤਿ ਸਿਧਾਂਤ ਪ੍ਰਚਾਰਕ ਸੰਤ ਸਮਾਜ (ਰਜਿ.)
# Gurmat Sidhant Parcharak Sant Samaj (Regd.)

ਮੁੱਖ ਦਫ਼ਤਰ : ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਪਿੰਡ ਤੇ ਡਾਕਖਾਨਾ ਮਹਿਤਾ, ਜ਼ਿਲ੍ਹਾ ਅੰਮ੍ਰਿਤਸਰ - 143114 (ਪੰਜਾਬ)
H.O.: Gurdwara Gurdarshan Parkash, V.P.O. Mehta, Distt. Amritsar - 143114 (Punjab)

# ਰੋਸ ਧਰਨੇ ਲਈ 28 ਮਾਰਚ ਦਿਨ ਸ਼ੁੱਕਰਵਾਰ ਨੂੰ ਸਵੇਰੇ 11 ਵਜੇ ਗੋਲਡਨ ਗੇਟ ਸ੍ਰੀ ਅੰਮ੍ਰਿਤਸਰ ਤੋਂ ਕਾਫਲੇ ਦੇ ਰੂਪ 'ਚ ਚੱਲਿਆ ਜਾਵੇਗਾ : ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ॥

ਆਪ ਜੀ ਨੂੰ ਸਨਿਮਰ ਬੇਨਤੀ ਹੈ ਕਿ ਮਿਤੀ 14 ਮਾਰਚ 2025 ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਈ ਪੰਥਕ ਇਕੱਤਰਤਾ ਵਿੱਚ ਲਏ ਗਏ ਫੈਸਲੇ ਅਨੁਸਾਰ ਸ੍ਰੀ ਅਕਾਲ ਤਖਤ ਸਾਹਿਬ, ਤਖਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਸਨਮਾਨ ਦੀ ਬਹਾਲੀ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਮੌਕੇ **28 ਮਾਰਚ ਦਿਨ ਸ਼ੁਕਰਵਾਰ ਸਵੇਰੇ 11:30 ਵਜੇ ਸ੍ਰ. ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ** ਵਿਖੇ **ਰੋਸ ਧਰਨਾ** ਦਿੱਤਾ ਜਾਵੇਗਾ। ਆਪ ਜੀ ਨੇ ਆਪਣੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਨਾਲ ਲੈ ਕੇ ਦਰਸ਼ਨ ਦੇਣ ਦੀ ਕਿਰਪਾਲਤਾ ਕਰਨੀ ਜੀ।

ਨੋਟ:- ਗੋਲਡਨ ਗੇਟ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਸਵੇਰੇ 11 ਵਜੇ ਕਾਫਲੇ ਦੇ ਰੂਪ ਵਿੱਚ ਚਲਿਆ ਜਾਵੇਗਾ। ਕਿਰਪਾ ਕਰਕੇ ਸਮੇਂ ਸਿਰ ਪਹੁੰਚਿਆ ਜਾਵੇ ਜੀ।



ਹਰਨਾਮ ਸਿੰਘ ਖਾਲਸਾ

ਗੁਰੂ ਪੰਥ ਦਾ ਦਾਸ:
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ।

**ਸਮੂਹ ਸੰਗਤਾਂ ਪਰਿਵਾਰਾਂ ਸਮੇਤ ਕਾਫਲੇ 'ਚ ਸ਼ਾਮਲ ਹੋ ਕੇ ਰੋਸ ਧਰਨੇ 'ਚ ਪਹੁੰਚਣ ਦੀ ਕ੍ਰਿਪਾਲਤਾ ਕਰਨ ਜੀ**

ਆਵਾਜ਼ਿ ਕੌਮ AWAZE QAUM
International Newspaper & WEB TV

Tel.: 01853-256426, (M) 98158-00904




# ਅਕਾਲ ਯੂਨੀਵਰਸਿਟੀ ਦੇ ਐਜੂਕੇਸ਼ਨ ਵਿਭਾਗ ਵੱਲੋਂ 'ਕਮਿਊਨਿਟੀ ਲਿਵਿੰਗ ਪ੍ਰੋਗਰਾਮ' ਦਾ ਸਫਲਤਾਪੂਰਵਕ ਆਯੋਜਨ





**ਤਲਵੰਡੀ ਸਾਬੋ, 22 ਮਾਰਚ (ਗੁਰਜੰਟ ਸਿੰਘ ਨਥੇਹਾ)**-ਅਕਾਲ ਯੂਨੀਵਰਸਿਟੀ ਬਠਿੰਡਾ ਦੇ ਐਜੂਕੇਸ਼ਨ ਵਿਭਾਗ ਵੱਲੋਂ 'ਕਮਿਊਨਿਟੀ ਲਿਵਿੰਗ ਪ੍ਰੋਗਰਾਮ' ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਬੀ.ਏ, ਬੀ.ਐਡ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਹ ਪ੍ਰੋਗਰਾਮ ਲਗਭਗ ਦੋ ਹਫਤਿਆਂ ਦਾ ਸੀ, ਜਿਸ ਵਿੱਚ 50 ਵਿਦਿਆਰਥੀਆਂ ਨੇ ਭਾਗ ਲਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਅਧਿਆਪਕ ਸਿਖਲਾਈ ਪ੍ਰੋਗਰਾਮ ਵਿੱਚ ਕਮਿਊਨਿਟੀ ਲਿਵਿੰਗ ਪ੍ਰੋਗਰਾਮ ਨੂੰ ਜੋੜ ਕੇ ਵਿਦਿਅਕ ਸੰਸਥਾਵਾਂ ਵਿੱਚ ਸਮਾਜਿਕ ਸ਼ਮੂਲੀਅਤ ਨੂੰ ਵਧਾਉਣਾ ਸੀ। ਵਿਦਿਆਰਥੀਆਂ ਨੇ ਇਸ ਪ੍ਰੋਗਰਾਮ ਰਾਹੀਂ ਸਮਾਜਿਕ ਜ਼ਿੰਮੇਵਾਰੀ ਅਤੇ ਸਹਿਯੋਗ ਦੀ ਭਾਵਨਾ ਨੂੰ ਉਜਾਗਰ ਕੀਤਾ। ਪ੍ਰੋਗਰਾਮ ਦੌਰਾਨ ਯੋਗਾ ਵਰਕਸ਼ਾਪ ਰਾਹੀਂ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਨੂੰ ਉਤਸ਼ਾਹਿਤ ਕੀਤਾ ਗਿਆ। ਪੀ.ਪੀ.ਟੀ ਪ੍ਰਸਤੁਤੀ ਸਿਖਲਾਈ ਨੇ ਵਿਦਿਆਰਥੀਆਂ ਨੂੰ ਡਿਜੀਟਲ ਸੰਚਾਰ ਹੁਨਰ ਪ੍ਰਦਾਨ ਕੀਤੇ, ਜਦੋਂ ਕਿ ਫਸਟ ਏਡ ਸਿਖਲਾਈ ਨੇ ਉਨ੍ਹਾਂ ਨੂੰ ਐਮਰਜੈਂਸੀ ਲਈ ਤਿਆਰ ਰਹਿਣ ਲਈ ਜੀਵਨ ਬਚਾਉਣ ਵਾਲੀਆਂ ਤਕਨੀਕਾਂ ਸਿਖਾਈਆਂ। ਪੋਸਟਰ-ਮੇਕਿੰਗ ਮੁਕਾਬਲੇ ਅਤੇ ਫਸਟ ਏਡ 'ਤੇ ਜਾਗਰੂਕਤਾ ਭਾਸ਼ਣ ਨੇ ਉਨ੍ਹਾਂ ਦੀ ਸਿਹਤ ਅਤੇ ਸੁਰੱਖਿਆ ਸਾਧਨਾਂ ਦੀ ਸਮਝ ਨੂੰ ਵਧਾਇਆ। ਸਫ਼ਾਈ ਮੁਹਿੰਮ ਨੇ ਵਾਤਾਵਰਣ ਦੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕੀਤੀ ਅਤੇ ਸਮਾਜਿਕ ਤੌਰ 'ਤੇ ਸਫ਼ਾਈ ਪਹਿਲਕਦਮੀਆਂ ਵਿੱਚ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਿਤ ਕੀਤਾ। ਅੰਤ ਵਿੱਚ ਬੋਲ਼ੇ ਅਤੇ ਗੂੰਗੇ ਸਕੂਲ ਦੀ ਫੇਰੀ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਤੌਰ 'ਤੇ ਅਪਾਹਜ ਵਿਅਕਤੀਆਂ ਦੁਆਰਾ ਦਰਪੇਸ਼ ਚੁਣੌਤੀਆਂ ਪ੍ਰਤੀ ਸੰਵੇਦਨਸ਼ੀਲ ਬਣਾਇਆ ਅਤੇ ਸੰਬੰਧਿਤ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਉਤਸ਼ਾਹਿਤ ਕੀਤਾ। ਇਸ ਪ੍ਰੋਗਰਾਮ ਨੂੰ ਚਲਾਉਣ ਵਿਚ ਐਜੂਕੇਸ਼ਨ ਵਿਭਾਗ ਤੋਂ ਡਾ. ਬਰਿੰਦਰ ਕੌਰ ਅਤੇ ਡਾ. ਜਸਵੀਰ ਕੌਰ ਨੇ ਵਿਸ਼ੇਸ਼ ਯੋਗਦਾਨ ਦਿੱਤਾ। ਉਨ੍ਹਾਂ ਨੇ ਕਿਹਾ ਕਿ ਇਹ ਪ੍ਰੋਗਰਾਮ ਵਿਦਿਆਰਥੀਆਂ ਨੂੰ ਸਮਾਜਿਕ ਸੇਵਾ ਦੇ ਮਹੱਤਵ ਨੂੰ ਸਮਝਣ ਵਿੱਚ ਮਦਦ ਕਰਦਾ ਹੈ ਅਤੇ ਉਨ੍ਹਾਂ ਨੂੰ ਇੱਕ ਚੰਗੇ ਨਾਗਰਿਕ ਬਣਨ ਲਈ ਪ੍ਰੇਰਿਤ ਕਰਦਾ ਹੈ। ਇਹ ਪ੍ਰੋਗਰਾਮ ਸਮਾਜਿਕ ਸਹਿਯੋਗ, ਜਾਗਰੂਕਤਾ ਅਤੇ ਸਮਾਜਿਕ ਸ਼ਮੂਲੀਅਤ ਦੀ ਭਾਵਨਾ ਨੂੰ ਵਿਕਸਿਤ ਕਰਨ ਵਿੱਚ ਸਫਲ ਰਿਹਾ, ਜਿਸ ਰਾਹੀਂ ਭਾਗੀਦਾਰਾਂ ਨੂੰ ਸਮਾਜ ਵਿੱਚ ਸਾਰਥਕ ਯੋਗਦਾਨ ਪਾਉਣ ਲਈ ਤਿਆਰ ਕੀਤਾ ਗਿਆ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਯੂਰੋਪ ਦੀ ਪਾਰਲੀਮੈਂਟ ਪਹੁੰਚਿਆ ਭਗਵੰਤ ਮਾਨ ਵਲੋਂ

# ਕਿਸਾਨ ਨੇਤਾਵਾਂ ਨੂੰ ਕਿਸਾਨ ਨੇਤਾਵਾਂ ਨੂੰ ਗ੍ਰਿਫਤਾਰ ਕਰਨ ਤੇ ਮੋਰਚੇ ਨੂੰ ਧੱਕੇ ਨਾਲ ਚੁਕਵਾਉਣ ਦਾ ਮੁੱਦਾ



EUROPEAN SIKH ORGANIZATION
VOICE OF EUROPEAN SIKHS

Ref No. ESO/38/25 Date: 20 March 2025

To,
Antonella Sberna,
Vice President,
MEP EUROPEAN PARLIAMENT
Brussels

Subject: call the Indian diplomat immediately and make him responsible for harassment being done to the farmers in India

Respected Vice President

I want to draw your attention to the harassment being done to the farmers in India, how the Chief Minister of Punjab, Bhagwant Mann forcibly detained the farmers by using the police force on the farmers who were asking for agricultural occupation in a peaceful manner and a large number of police have been sent to remove the farmers from the borders, which is very shameful. Europe is a big follower of human rights and it also raises its voice against human rights violations in the world. Some black laws were made by the Indian government to bring the farming occupation under the capitalists, which were strongly opposed all over the world, including India, and a huge movement by the farmers was conducted to cancel these black laws, in which more than 750 farmers died. Due to this movement, the government had withdrawn the black law and assured to fulfill the demands of the farmers. After two years, when the demand of the farmers was not considered by the government, then some farmers' organizations started agitation again on the border of Punjab and many farmers have died in it. We have supported the farmers in all aspects since the struggle against black laws and will continue to do so. It is very important to mention here that the Supreme Court of India has also asked to maintain the status quo in the case of farmers till the decision is taken. Now, if Chief Minister violates the orders of the supreeme courts, think how much oppression will be done to the minorities in that country. For your information, we are telling you that Not getting a fair price for the produce, increasing debt on farmers, increasing charges on farmers, increasing electricity bills etc. were their main issues. But far from the fulfillment of the main demands of the farmers, their condition worsened further. The policies of globalization brought them to the brink of suicide in large numbers. I request you to call the Indian diplomat immediately and make him responsible for this heinous act.

Regards
Binder Singh
President

ਯੂਰੋਪ ਦੇ ਪ੍ਰੈਸੀਡੈਂਟ ਨਾਲ ਮੁਲਾਕਾਤ ਕਰਕੇ ਜਾਣਕਾਰੀ ਦੇਂਦੇ ਹੋਏ ਸਰਦਾਰ ਬਿੰਦਰ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

ਨਵੀਂ ਦਿੱਲੀ 22 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਯੂਰਪੀਅਨ ਸਿੱਖ ਆਰਗੇਨਾਈਜ਼ੇਸ਼ਨ ਦੇ ਪ੍ਰਧਾਨ ਬਿੰਦਰ ਸਿੰਘ ਵਲੋਂ ਯੂਰੋਪ ਦੀ ਪਾਰਲੀਮੈਂਟ ਅੰਦਰ ਭਗਵੰਤ ਮਾਨ ਵਲੋਂ ਆਪਣੀ ਮੰਗਾ ਲਈ ਧਰਨਾ ਦੇ ਰਹੇ ਕਿਸਾਨਾਂ ਨਾਲ ਕੀਤੀ ਗਈ ਬਦਸਲੂਕੀ, ਉਨ੍ਹਾਂ ਨੂੰ ਮੀਟਿੰਗ ਲਈ ਸੱਦ ਕੇ ਗ੍ਰਿਫਤਾਰ ਕਰਣਾ ਅਤੇ ਪੁਲਿਸ ਕਾਰਵਾਈ ਤਹਿਤ ਉਨ੍ਹਾਂ ਦੇ ਧਰਨੇ ਨੂੰ ਚੁੱਕਵਾਨ ਲਈ ਸ਼ਿਕਾਇਤ ਦਰਜ਼ ਕਰਵਾਂਦਿਆਂ ਭਾਰਤੀ ਰਾਜਦੂਤ ਨੂੰ ਤਲਬ ਕਰਣ ਦੀ ਮੰਗ ਕੀਤੀ ਗਈ ਹੈ । ਉਨ੍ਹਾਂ ਨੇ ਯੂਰੋਪ ਦੀ ਵਾਈਸ ਪ੍ਰੈਸੀਡੈਂਟ ਐਂਟੋਨੀਲਾ ਸਬੇਰਨਾ, ਮਨੁੱਖੀ ਅਧਿਕਾਰਾਂ ਦੇ ਪਾਰਲੀਮੈਂਟ ਮੈਂਬਰ ਮਾਰਟਾ ਟੈਮੀਡੋ ਅਤੇ ਟਿੱਲੀ ਮੈਟਜ਼ ਨੂੰ ਦਿੱਤੇ ਗਏ ਪੱਤਰ ਵਿਚ ਲਿਖਿਆ ਕਿ ਮੈਂ ਭਾਰਤ ਵਿੱਚ ਕਿਸਾਨਾਂ ਨਾਲ ਹੋ ਰਹੇ ਧੱਕੇ ਵੱਲ ਤੁਹਾਡਾ ਧਿਆਨ ਦਿਵਾਉਣਾ ਚਾਹੁੰਦਾ ਹਾਂ ਕਿ ਕਿਸ ਤਰ੍ਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ਾਂਤਮਈ ਢੰਗ ਨਾਲ ਖੇਤੀ ਕਿੱਤੇ ਲਈ ਆਪਣੀਆਂ ਮੰਗਾ ਦੀ ਮੰਗ ਕਰ ਰਹੇ ਕਿਸਾਨਾਂ 'ਤੇ ਪੁਲਿਸ ਬਲ ਵਰਤ ਕੇ ਕਿਸਾਨਾਂ ਨੂੰ ਜ਼ਬਰਦਸਤੀ ਹਿਰਾਸਤ ਵਿੱਚ ਲਿਆ ਅਤੇ ਕਿਸਾਨਾਂ ਨੂੰ ਸਰਹੱਦਾਂ ਤੋਂ ਹਟਾਉਣ ਲਈ ਵੱਡੀ ਗਿਣਤੀ ਵਿੱਚ ਪੁਲਿਸ ਭੇਜੀ ਗਈ ਹੈ, ਜੋ ਕਿ ਬਹੁਤ ਹੀ ਸ਼ਰਮਨਾਕ ਹੈ। ਯੂਰਪ ਮਨੁੱਖੀ ਅਧਿਕਾਰਾਂ ਦਾ ਬਹੁਤ ਵੱਡਾ ਪੈਰੋਕਾਰ ਹੈ ਅਤੇ ਇਹ ਦੁਨੀਆ ਵਿਚ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਦੇ ਖਿਲਾਫ ਵੀ ਆਵਾਜ਼ ਉਠਾਉਂਦਾ ਹੈ। ਭਾਰਤ ਸਰਕਾਰ ਵੱਲੋਂ ਕਿਸਾਨੀ ਕਿੱਤੇ ਨੂੰ ਸਰਮਾਏਦਾਰਾਂ ਦੇ ਘੇਰੇ ਵਿੱਚ ਲਿਆਉਣ ਲਈ ਕੁਝ ਕਾਲੇ ਕਾਨੂੰਨ ਬਣਾਏ ਗਏ ਸਨ, ਜਿਨ੍ਹਾਂ ਦਾ ਭਾਰਤ ਸਮੇਤ ਵਿਸ਼ਵ ਭਰ ਵਿੱਚ ਜ਼ੋਰਦਾਰ ਵਿਰੋਧ ਹੋਇਆ ਸੀ ਅਤੇ ਇਨ੍ਹਾਂ ਕਾਲੇ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ ਕਿਸਾਨਾਂ ਵੱਲੋਂ ਇੱਕ ਵਿਸ਼ਾਲ ਅੰਦੋਲਨ ਚਲਾਇਆ ਗਿਆ ਸੀ, ਜਿਸ ਵਿੱਚ 750 ਤੋਂ ਵੱਧ ਕਿਸਾਨਾਂ ਦੀ ਮੌਤ ਹੋ ਗਈ ਸੀ। ਇਸ ਅੰਦੋਲਨ ਕਾਰਨ ਸਰਕਾਰ ਨੇ ਕਾਲਾ ਕਾਨੂੰਨ ਵਾਪਸ ਲੈ ਕੇ ਕਿਸਾਨਾਂ ਦੀਆਂ ਮੰਗਾਂ ਪੂਰੀਆਂ ਕਰਨ ਦਾ ਭਰੋਸਾ ਦਿੱਤਾ ਸੀ। ਦੋ ਸਾਲਾਂ ਬਾਅਦ ਜਦੋਂ ਸਰਕਾਰ ਵੱਲੋਂ ਕਿਸਾਨਾਂ ਦੀ ਮੰਗ ਨਹੀਂ ਮੰਨੀ ਗਈ ਤਾਂ ਕੁਝ ਕਿਸਾਨ ਜਥੇਬੰਦੀਆਂ ਨੇ ਪੰਜਾਬ ਦੀ ਸਰਹੱਦ 'ਤੇ ਮੁੜ ਅੰਦੋਲਨ ਸ਼ੁਰੂ ਕਰ ਦਿੱਤਾ ਅਤੇ ਇਸ ਵਿੱਚ ਵੀ ਕਈ ਕਿਸਾਨਾਂ ਦੀ ਮੌਤ ਹੋ ਚੁੱਕੀ ਹੈ। ਅਸੀਂ ਕਾਲੇ ਕਾਨੂੰਨਾਂ ਵਿਰੁੱਧ ਸੰਘਰਸ਼ ਤੋਂ ਲੈ ਕੇ ਹੁਣ ਤੱਕ ਕਿਸਾਨਾਂ ਦਾ ਹਰ ਪੱਖ ਤੋਂ ਸਮਰਥਨ ਕੀਤਾ ਹੈ ਅਤੇ ਅੱਗੇ ਵੀ ਕਰਦੇ ਰਹਾਂਗੇ। ਤੁਹਾਡੀ ਜਾਣਕਾਰੀ ਲਈ ਅਸੀਂ ਤੁਹਾਨੂੰ ਦੱਸ ਰਹੇ ਹਾਂ ਕਿ ਉਤਪਾਦ ਦੀ ਸਹੀ ਕੀਮਤ ਨਾ ਮਿਲਣਾ, ਕਿਸਾਨਾਂ 'ਤੇ ਵਧਦਾ ਕਰਜ਼ਾ, ਕਿਸਾਨਾਂ 'ਤੇ ਵਧਦਾ ਚਾਰਜ, ਬਿਜਲੀ ਦੇ ਬਿੱਲਾਂ 'ਚ ਵਾਧਾ ਆਦਿ ਉਨ੍ਹਾਂ ਦੇ ਮੁੱਖ ਮੁੱਦੇ ਸਨ। ਪਰ ਕਿਸਾਨਾਂ ਦੀਆਂ ਮੁੱਖ ਮੰਗਾਂ ਦੀ ਪੂਰਤੀ ਨਾ ਹੋਣ ਕਾਰਨ ਉਨ੍ਹਾਂ ਦੀ ਹਾਲਤ ਹੋਰ ਵਿਗੜ ਗਈ ਹੈ। ਵਿਸ਼ਵੀਕਰਨ ਦੀਆਂ ਨੀਤੀਆਂ ਨੇ ਉਨ੍ਹਾਂ ਨੂੰ ਵੱਡੀ ਗਿਣਤੀ ਵਿੱਚ ਖੁਦਕੁਸ਼ੀਆਂ ਦੇ ਕੰਢੇ ਪਹੁੰਚਾ ਦਿੱਤਾ ਹੈ। ਮੈਂ ਤੁਹਾਨੂੰ ਬੇਨਤੀ ਕਰਦਾ ਹਾਂ ਕਿ ਭਾਰਤੀ ਡਿਪਲੋਮੈਟ ਨੂੰ ਤੁਰੰਤ ਬੁਲਾ ਕੇ ਉਸ ਨੂੰ ਇਸ ਘਿਨਾਉਣੇ ਕਾਰੇ ਲਈ ਜੁਆਬਦੇਹ ਬਣਾਇਆ ਜਾਏ।

**ਯੂਰੋਪੀਅਨ ਵਾਈਸ ਪ੍ਰੈਸੀਡੈਂਟ ਅਤੇ ਮਨੁੱਖੀ ਅਧਿਕਾਰਾਂ ਦੇ ਪਾਰਲੀਮੈਂਟ ਮੈਂਬਰਾਂ ਨੂੰ ਬਿੰਦਰ ਸਿੰਘ ਨੇ ਦਿੱਤੇ ਮੰਗ ਪੱਤਰ**

### ਖਾਲਸਾ ਕਾਲਜੀਏਟ ਸਕੂਲ ਦੇ ਸ਼ਾਨਦਾਰ ਨਤੀਜੇ

# ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਨੌਵੀ ਅਤੇ ਗਿਆਰਵੀਂ ਜਮਾਤ ਨਤੀਜੇ ਘੋਸ਼ਿਤ ਕੀਤ



ਆਵਾਜ਼ਿ ਕੌਮ AWAZE QAUM International Newspaper & WEB TV

**ਚੌਕ ਮਹਿਤਾ, 22 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜੀਏਟ ਮਹਿਤਾ ਚੌਕ ਦੇ ਨੌਵੀਂ ਅਤੇ ਗਿਆਰਵੀਂ ਜਮਾਤ ਦੇ ਨਤੀਜੇ ਘੋਸ਼ਿਤ ਕੀਤੇ ਗਏ। ਸਕੂਲ ਦੇ ਵਿਦਿਆਰਥੀਆਂ ਨੇ ਪ੍ਰੀਖਿਆ ਵਿੱਚ ਬਹੁਤ ਹੀ ਪ੍ਰਸ਼ੰਸਾਯੋਗ ਪ੍ਰਦਰਸ਼ਨ ਕੀਤਾ। ਸਾਰੇ ਵਿਦਿਆਰਥੀਆਂ ਦੀ ਮਿਹਨਤ ਸਲਾਗਾਯੋਗ ਹੈ।ਨੌਵੀਂ ਜਮਾਤ ਦੀ ਸਿਮਰਨਜੀਤ ਕੌਰ , ਗੁਰਲੀਨ ਕੌਰ ਅਤੇ ਖੁਸ਼ਮੀਤ ਰਾਏ ਨੇ ਕ੍ਰਮਵਾਰ ਪਹਿਲਾ ਦੂਜਾ ਅਤੇ ਤੀਸਰਾ ਸਥਾਨ ਹਾਸਿਲ ਕੀਤਾ। ਇਸ ਤੋਂ ਇਲਾਵਾ 11ਵੀਂ ਜਮਾਤ ਦੇ ਹੋਣਹਾਰ ਵਿਦਿਆਰਥੀ ਸੰਦੀਪ ਕੌਰ, ਨਵਜੋਤ ਕੌਰ , ਰਵਜੋਤ ਸਿੰਘ ਅਤੇ ਸੁਰਖਾਬ ਸਿੰਘ ਵਿਦਿਆਰਥੀਆਂ ਨੇ ਲੜੀਵਾਰ ਪਹਿਲਾ ਦੂਜਾ ਅਤੇ ਤੀਜਾ ਦਰਜਾ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਸਰਦਾਰ ਸੁਖਦੇਵ ਸਿੰਘ ਨੇ ਸਮੂਹ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਅਧਿਆਪਕ ਸਾਹਿਬਾਨਾਂ ਦਾ ਧੰਨਵਾਦ ਕੀਤਾ ਅਤੇ ਬੱਚਿਆਂ ਦੇ ਮਾਪਿਆਂ ਨੂੰ ਮੁਬਾਰਕਬਾਦ ਕੀਤਾ। ਇਸ ਉਪਰੰਤ ਸਕੂਲ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾ ਅਤੇ ਸਟਾਫ ਮੈਂਬਰਾਂ ਨੇ ਸਕੂਲ ਦੇ ਚਮਕ ਦੇ ਸਿਤਾਰਿਆਂ ਨੂੰ ਸਨਮਾਨਿਤ ਕੀਤਾ ਪ੍ਰਿੰਸੀਪਲ ਸਾਹਿਬਾਨ ਜੀ ਨੇ ਖੁਸ਼ੀ ਜਾਹਿਰ ਕਰਦੇ ਹੋਏ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ। ਬੱਚਿਆਂ ਦੇ ਉਤਸ਼ਾਹ ਤੇ ਸ਼ਾਨਦਾਰ ਨਤੀਜਿਆਂ ਕਰਕੇ ਅੱਜ ਸਕੂਲ ਵਿੱਚ ਵਿਦਿਆਰਥੀਆਂ ਦੀ ਦਾਖਿਲਾ ਲੈਣ ਦੀ ਰੁਚੀ ਬਹੁਤ ਵੱਧ ਗਈ ਹੈ। ਭਵਿੱਖ ਵਿੱਚ ਸਕੂਲ ਦੀ ਦਿਨ ਦੁਗਣੀ ਅਤੇ ਰਾਤ ਚੁਗਣੀ ਤਰੱਕੀ ਲਈ ਅਰਦਾਸ ਕੀਤੀ ।

ਇਸ ਸੁਭਾਗੇ ਮੌਕੇ ਤੇ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ਪ੍ਰਿੰਸੀਪਲ ਡਾਕਟਰ ਜਤਿੰਦਰ ਸ਼ਰਮਾ ਕਾਲਜ ਸੁਪਰਡੈਂਟ ਕੁਲਦੀਪ ਕੌਰ , ਯਾਦਵਿੰਦਰ ਸਿੰਘ, ਸੁਖਜੀਤ ਸਿੰਘ, ਮਨਪ੍ਰੀਤ ਕੌਰ, ਬਲਜੀਤ ਕੌਰ, ਰਿਤਿਕਾ ਸ਼ਰਮਾ ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

# ਮਾਂ ਬੋਲੀ ਦੀ ਝੋਲੀ 'ਚ ਨਿਰਮਲ ਸਿੰਘ ਟਪਿਆਲਾ ਵਲੋਂ 12 ਵੀ ਪੁਸਤਕ ਪਾਉਣ ਲਈ ਹੋਈ ਤਿਆਰ



**ਚੌਕ ਮਹਿਤਾ, 22 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਲੇਖਕ ਅਤੇ ਗੀਤਕਾਰ ਨਿਰਮਲ ਸਿੰਘ ਟਪਿਆਲਾ ਵਲੋਂ ਮਾਂ ਬੋਲੀ ਦੀ ਝੋਲੀ ਵਿਚ 12ਵੀਂ ਪੁਸਤਕ ਪਾਉਣ ਲਈ ਤਿਆਰ ਹੋ ਗਈ ਹੈ।ਇਸ ਬਾਰੇ ਲੇਖਕ ਅਤੇ ਗੀਤਕਾਰ ਨਿਰਮਲ ਸਿੰਘ ਟਪਿਆਲਾ ਨੇ ਪੰਜਾਬੀ ਸਾਹਿਤ ਸਭਾ ਸਠਿਆਲਾ ਦੇ ਪ੍ਰਧਾਨ ਕਰਨਬੀਰ ਸਿੰਘ ਸਫਰੀ ਨੂੰ ਮਾਂ ਬੋਲੀ ਦੀ ਝੋਲੀ ਵਿਚ 12 ਵੀਂ ਪੁਸਤਕ ਪਾਉਣ ਬਾਰੇ ਦੱਸਿਆ ਹੈ ਕਿ 500 ਦੇ ਕਰੀਬ ਧਾਰਮਿਕ ਅਤੇ ਸੱਭਿਆਚਰਕ ਗੀਤ ਲਿਖੇ ਹਨ, ਜੋ ਕਿ ਰਿਕਾਰਡ ਹੋ ਚੁੱਕੇ ਹਨ।ਉਨਾਂ ਨੇ ਦੱਸਿਆ ਹੈ ਕਿ ਪਹਿਲੀ ਪੁਸਤਕ ਸ਼ਹੀਦੀ ਕੁਰਬਾਨੀਆਂ, ਬਾਬਾ ਕੁੱਲੀ ਵਾਲਾ, ਸੱਚ ਦੇ ਨੇੜੇ, ਜਿੰਦਗੀ ਦਾ ਕੌੜਾ ਸੱਚ, ਅਣਗੋਲੇ ਸ਼ਬਦ, ਨਿੱਕੀਆਂ ਜਿੰਦਾਂ ਵੱਡੇ ਫੈਸਲੇ, ਦਸ ਗੁਰੂ ਦਰਪਣ, ਸੁਖਮਨੀ ਸਾਹਿਬ ਦੀ ਸਟੀਕ ( ਪੋਥੀ) , ਦਸ ਗੁਰੂ ਸਾਹਿਬਾਨ ( ਆਪਸੀ ਰਿਸ਼ਤੇਦਾਰੀ) ਸ੍ਰੀ ਗ੍ਰੰਥ ਸਾਹਿਬ ਸੰਪਾਦਨਾਂ( ਸੰਖੇਪ ਵਰਣਨ) ਆਦਿ ਪੁਸਤਕਾਂ ਪੰਜਾਬੀ ਮਾਂ ਬੋਲੀ ਦੀ ਝੋਲੀ ਵਿਚ ਪਾ ਚੁੱਕੇ ਹਨ ਉਨ੍ਹਾਂ ਨੇ ਦੱਸਿਆ ਹੈ ਕਿ ਧਰਮਿਕ ਅਤੇ ਸੱਭਿਆਚਾਕ ਗੀਤਾਂ ਵਿਚ ਬਾਪ ਅਤੇ ਪਤੀ ਦਾ ਵੱਖ-ਵੱਖ ਗੀਤਾਂ ਵਿਚ ਰੋਲ ਨਿਭਾ ਚੁੱਕੇ ਹਨ ਉਨ੍ਹਾਂ ਨੇ ਨੌਜਵਾਨ ਪੀੜੀ ਨੂੰ ਸਨੇਹਾ ਦਿੰਦਿਆਂ ਕਿਹਾ ਕਿ ਨੌਜਵਾਨਾਂ ਨੂੰ ਦੂਸਰੇ ਵਿਸ਼ਾ ਪੜ੍ਹਨ ਦੇ ਨਾਲ ਨਾਲ ਪੰਜਾਬੀ ਪੁਸਤਕਾਂ ਨਾਲ ਵੀ ਮੋਹ ਪਾਉਣਾ ਚਾਹੀਦਾ ਹੈ।ਇਸ ਮੌਕੇ ਤੇ ਪੰਜਾਬੀ ਸਾਹਿਤ ਸਭਾ ਸਠਿਆਲਾ ਦੇ ਪ੍ਰਧਾਨ ਕਰਨਬੀਰ ਸਿੰਘ ਸਫਰੀ ਵਲੋਂ ਲੇਖਕ ਅਤੇ ਗੀਤਕਾਰ ਨਿਰਮਲ ਸਿੰਘ ਟਪਿਆਲਾ ਨੂੰ 29 ਮਾਰਚ ਨੂੰ ਕਵੀ ਦਰਬਾਰ ਵਿਚ ਸਮੂਲੀਅਤ ਹੋਣ ਦਾ ਸੱਦਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਗ੍ਰਹਿ ਮੰਤਰੀ ਨੇ ਪਾਰਲੀਮੈਂਟ ਵਿਚ ਸੰਤ ਭਿੰਡਰਾਂਵਾਲਿਆ ਤੇ ਭਾਈ ਅਮ੍ਰਿਤਪਾਲ ਸਿੰਘ ਦਾ ਨਾਮ ਲੈਕੇ ਨਫਰਤ ਭਰੀ ਤਕਰੀਰ ਕਰਦਿਆਂ ਸਿਖ ਜਜਬਾਤ ਦੀ ਹੇਠੀ ਕੀਤੀ : ਕਰਨੈਲ ਸਿੰਘ ਪੰਜੋਲੀ



ਗ੍ਰਹਿ ਮੰਤਰੀ ਨੇ ਪਾਰਲੀਮੈਂਟ ਵਿਚ ਸੰਤ ਭਿੰਡਰਾਂਵਾਲਿਆ ਤੇ ਭਾਈ ਅਮ੍ਰਿਤਪਾਲ ਸਿੰਘ ਦਾ ਨਾਮ ਲੈਕੇ ਨਫਰਤ ਭਰੀ ਤਕਰੀਰ ਕਰਦਿਆਂ ਸਿਖ ਜਜਬਾਤ ਦੀ ਹੇਠੀ ਕੀਤੀ ਹੈ। ਸਿਖ ਕੌਮ ਦੀ ਅਣਖ ਗੈਰਤ ਨੂੰ ਵੰਗਾਰਨ ਦਾ ਅਸਲ ਮਕਸਦ ਸਿਖ ਵਿਰੋਧੀ ਵੋਟ ਬੈਂਕ ਦਾ ਧਰੁਵੀਕਰਨ ਹੈ।ਪਹਿਲਾ ਕਾਂਗਰਸ ਸਿਖ ਜਜਬਾਤ ਦੀ ਹੇਠੀ ਕਰਕੇ ਸਾਰੇ ਭਾਰਤ ਵਿਚੋ ਵੋਟ ਬਟੋਰਨ ਵਾਲੀ ਘਟੀਆ ਸਿਆਸਤ ਕਰਦੀ ਰਹੀ ਜਿਸ ਕਰਕੇ ਸ਼੍ਰੀਮਤੀ ਇੰਦਰਾ ਗਾਂਧੀ ਤੋਂ ਮੁਖਮੰਤਰੀ ਬੇਅੰਤ ਸਿੰਘ ਤੱਕ ਦੀਆਂ ਜਾਨਾਂ ਗਈਆਂ।ਹੁਣ ਸੰਤ ਭਿੰਡਰਾਂਵਾਲਿਆ ਤੋ ਲੈਕੇ ਸ ਬੇਅੰਤ ਸਿੰਘ, ਸ ਸਤਵੰਤ ਸਿੰਘ, ਸ਼ ਕੇਹਰ ਸਿੰਘ, ਸ ਹਰਜਿੰਦਰ ਸਿੰਘ ਜਿੰਦਾ,ਸ ਸੁਖਦੇਵ ਸਿੰਘ ਸੁੱਖਾ,ਸ ਦਿਲਾਵਰ ਸਿੰਘ ਵਰਗੇ ਸਿਖ ਨਾਇਕਾਂ ਦੇ ਬਹਾਨੇ ਭਾਜਪਾ ਹਿੰਦੂ ਵੋਟ ਬੈਂਕ ਹਥਿਆਉਣ ਲਈ ਯਤਨਸ਼ੀਲ ਹੈ।ਯਕੀਨਨ ਇਹ ਅੱਗ ਨਾਲ ਖੇਡਣ ਵਾਲੀ ਸਿਆਸਤ ਹੈ।ਇਸਦੇ ਨਤੀਜੇ ਕਦਾਚਿਤ ਸੁਖਾਂਵੇ ਨਹੀ ਹੋ ਸਕਦੇ।ਹਿਮਾਚਲ ਤੇ ਹਰਿਆਣੇ ਵਿੱਚ ਪਹਿਲਾਂ ਹੀ ਸਿਖ ਕੌਮ ਨੂੰ ਚਿੜਾਇਆ ਜਾ ਰਿਹਾ ਹੈ ਜਿਸ ਉਤੇ ਸ਼੍ਰੀ ਅਮਿਤ ਸ਼ਾਹ ਨੇ ਬਲਦੀ ਉਤੇ ਤੇਲ ਪਾਉਣ ਵਾਲਾ ਹੈ।ਨਫਰਤ ਦੇ ਭਾਂਬੜ ਬਾਲਕੇ ਸ਼ਾਂਤੀ ਦਾ ਆਸ ਕਰਨੀ ਮੂਰਖਤਾ ਹੈ।ਭਾਜਪਾ ਪਹਿਲਾਂ ਭਾਰਤੀ ਮੁਸਲਮਾਨਾਂ ਨੂੰ ਨਫਰਤ ਦਾ ਨਿਸ਼ਾਨਾ ਬਣਾ ਰਹੀ ਸੀ ਜਿਸ ਬਾਰੇ ਸ਼ਿਵ ਸੈਨਾ ਬਾਲ ਠਾਕਰੇ ਦੇ ਰਾਜ ਸਭਾ ਮੈਂਬਰ ਸ਼੍ਰੀ ਸੰਜੈ ਰਾਊਤ ਦਾ ਅਜ ਦੇ ਅਜੀਤ ਅਖਬਾਰ ਵਿਚ ਤਥ ਭਰਪੂਰ ਲੇਖ ਛਪਿਆ ਹੈ ਕਿ ਮੋਦੀ-ਅਮਿਤ ਸ਼ਾਹ ਦੀ ਜੋੜੀ ਭਾਰਤ ਦੇ ਟੁਕੜੇ ਕਰਵਾਏਗੀ।ਸਿਖ,ਮੁਸਲਮਾਨ ਤੇ ਹੋਰ ਘਟਗਿਣਤੀ ਕੌਮਾਂ ਦੇ ਹਿਤਾਂ ਦਾ ਘਾਣ ਕਰਕੇ ਹਿੰਦੂ ਵੋਟ ਬੈਂਕ ਨਾਲ ਸੱਤਾ ਹੰਢਾਉਣ ਦੇ ਏਜੰਡੇ ਵਾਲੀ ਸੋਚ ਔਰੰਗਜ਼ੇਬ ਨਾਲੋ ਵੀ ਮਾੜੀ ਹੈ।ਔਰੰਗਜ਼ੇਬ ਦੀ ਕਬਰ ਪੁਟਣ ਵਾਲੇ ਔਰੰਗਜ਼ੇਬ ਨਾਲੋ ਵੀ ਖਤਰਨਾਕ ਸਾਬਤ ਹੋ ਰਹੇ ਹਨ।

ਸਾਰੇ ਭਾਰਤ ਦੇ ਸੁਹਿਰਦ ਲੋਕਾਂ ਨੂੰ ਨਫਰਤ ਦੇ ਵਣਜਾਰਿਆਂ ਖਿਲਾਫ ਲਾਮਬੰਦ ਹੋਣ ਦੀ ਲੋੜ ਹੈ।


ਅਕਾਲੀ ਭਾਜਪਾ ਗਠਜੋੜ ਮੌਕੇ ਪੰਥ ਦਰਦੀ ਕਲਪਦੇ ਰਹੇ ਕਿ ਭਗਵਾ ਬਿਰਗੇਡ ਆਪਦਾ ਸਿਖ ਵਿਰੋਧੀ ਏਜੰਡਾ ਲਾਗੂ ਕਰ ਰਿਹਾ ਹੈ ਪਰ ਓਦੋ ਸੱਤਾ ਤੇ ਤਾਕਤ ਦਾ ਹੰਕਾਰ ਬਾਦਲ ਜੁੰਡਲੀ ਦੇ ਸਿਰ ਨੂੰ ਚੜ੍ਹਿਆ ਹੋਇਆ ਸੀ।ਹੁਣ ਜਦ ਭਾਜਪਾ ਵਾਕਿਆ ਹੀ ਪਟਨਾ ਸਾਹਿਬ, ਹਜੂਰ ਸਾਹਿਬ, ਦਿਲੀ ਕਮੇਟੀ ਤੇ ਹਰਿਆਣਾ ਕਮੇਟੀ ਮਗਰੋ ਪੰਜਾਬ ਵਲ ਵਧ ਰਹੀ ਹੈ ਤਾਂ ਇਸਦਾ ਮੁਖ ਦੋਸ਼ੀ ਬਾਦਲ ਪਰਿਵਾਰ ਹੈ ਜੀਹਨੇ ਭਾਜਪਾ ਦੇ ਪੰਥ ਅਤੇ ਪੰਜਾਬ ਵਿਚ ਪੈਰ ਲਵਾਏ।ਜਿਹੜੀ ਭਾਜਪਾ ਐਮਰਜੰਸੀ ਮੌਕੇ ਦਰਬਾਰ ਸਾਹਿਬ ਕੰਪਲੈਕਸ ਵਿਚ ਸਿਖਾ ਦੀ ਛਤਰਛਾਇਆ ਹੇਠ ਦਿਨਕਟੀਆਂ ਕਰਨ ਲਈ ਮਜਬੂਰ ਸੀ ਹੁਣ ਬਾਦਲਕਿਆਂ ਨੇ ਸਿਖ ਜਜਬਾਤ ਦੀ ਹੇਠੀ ਕਰਨ ਜੋਗੀ ਬਣਾ ਦਿਤੀ।ਬਾਦਲਕਿਆ ਕਰਕੇ ਭਾਜਪਾ ਨੂੰ ਸਿਖ ਕੌਮ ਦਾ ਘਾਣ ਕਰਨ ਦਾ ਮੌਕਾ ਮਿਲਿਆ।ਭਾਈ ਅਮ੍ਰਿਤਪਾਲ ਸਿੰਘ ਦਾ ਉਕਾ ਹੀ ਦੋਸ਼ ਨਹੀ।ਪੰਜਾਬ ਦੀ ਸਰਕਾਰ ਨੇ ਭਾਜਪਾ ਸਰਕਾਰ ਮਗਰ ਲਗਕੇ ਇਹ ਪਾਪ ਕਮਾਇਆ ਹੈ।ਸੰਤ ਭਿੰਡਰਾਂਵਾਲਿਆ ਉਤੇ ਕੋਈ ਮੁਕਦਮਾ ਨਹੀ ਸੀ ਨਾ ਕਿਸੇ ਕਾਨੂੰਨ ਸੰਵਿਧਾਨ ਵਿਚ ਉਨਾ ਨੂੰ ਅਤਵਾਦੀ ਐਲਾਨਿਆ ਗਿਆ ਸੀ ਪਰ ਭਾਜਪਾ ਬੇਰਹਿਮੀ ਨਾਲ ਸਿਖ ਮਾਨਸਿਕਤਾ ਉਤੇ ਕੁਹਾੜੇ ਦੇ ਵਾਰ ਕਰ ਰਹੀ ਹੈ।ਅਸਲ ਵਿਚ ਭਗਵਾ ਬਿਰਗੇਡ ਸਿਖਾਂ ਨੂੰ ਲਲਕਾਰਨ ਵਿਚ ਲਗਿਆ ਹੋਇਆ ਹੈ ਤਾਂਕਿ ਸਿਖਾਂ ਨੂੰ ਦਹਿਸ਼ਤਗਰਦ ਕਹਿਕੇ ਕਤਲੇਆਮ ਕਰਨਾ ਸੌਖਾ ਹੋ ਜਾਵੈ। ਪਾਰਲੀਮੈਂਟ ਵਿਚ ਗ੍ਰਿਹ ਮੰਤਰੀ ਦਾ ਬਿਆਨ ਭਵਿੱਖ ਵਿਚ ਖਤਰਨਾਕ ਨਤੀਜੇ ਕ੍ਢੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਭੰਗਲ ਕਲਾਂ ਵਿਚ ਲਗਾਏ ਪਹਿਲੇ ਸਵੈ ਇੱਛਕ ਖ਼ੂਨਦਾਨ ਕੈਂਪ ਮੌਕੇ 25 ਯੂਨਿਟ ਖ਼ੂਨ ਇਕੱਤਰ

**ਗੜ੍ਹਸ਼ੰਕਰ/ ਨਵਾਂਸ਼ਹਿਰ, 22 ਮਾਰਚ (ਆਵਾਜ਼ਿ ਕੌਮ ਬਿਊਰੋ)**-ਐਨ ਆਰ ਆਈ ਭੈਣ ਭਰਾਵਾਂ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਸਹਿਯੋਗ ਨਾਲ ਅੱਜ ਬਾਬਾ ਲੱਖ ਦਾਤਾ ਜੀ ਅਸਥਾਨ ਪਿੰਡ ਭੰਗਲ ਕਲਾਂ ਵਿਖੇ ਪਹਿਲਾ ਸਵੈ ਇਛੱਕ ਖ਼ੂਨਦਾਨ ਕੈਂਪ ਅਤੇ ਪਹਿਲਾ ਫਰੀ ਮੈਡੀਕਲ ਕੈਂਪ ਲਗਾਇਆ ਗਿਆ। ਖ਼ੂਨਦਾਨ ਕੈਂਪ ਵਿਚ ਖ਼ੂਨਦਾਨੀਆਂ ਵੱਲੋਂ 25 ਯੂਨਿਟ ਖ਼ੂਨਦਾਨ ਕੀਤਾ ਗਿਆ। ਇਸ ਕੈਂਪ ਵਿਚ ਸਮਾਜ ਸੇਵਕ ਮਨਜੀਤ ਸਿੰਘ ਭੰਗਲ ਸਾਬਕਾ ਅਸਿਸਟੈਂਟ ਇੰਟੈਲੀਜੈਂਸ ਅਫ਼ਸਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਹਨਾਂ ਕਿਹਾ ਕਿ ਖ਼ੂਨ ਦਾਨ, ਮਹਾਂਦਾਨ ਹੈ ਅਤੇ ਕਿਸੇ ਹੋਰ ਦੀ ਜ਼ਿੰਦਗੀ ਬਚਾਉਣਾ ਮਾਨਵਤਾ ਪ੍ਰਤੀ ਇਕ ਸੇਵਾ ਹੈ । ਉਹਨਾਂ ਨੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਅੱਗੇ ਆਉਣ ਅਤੇ ਅਜਿਹੇ ਖ਼ੂਨਦਾਨ ਕੈਂਪਾਂ ਵਿੱਚ ਭਾਗ ਲੈਣ ਤਾਂ ਜੋ ਮਨੁੱਖਤਾ ਦੇ ਭਲੇ ਲਈ ਕੀਤੇ ਖ਼ੂਨਦਾਨ ਨਾਲ ਕਿਸੇ ਦੀ ਜਾਨ ਬਚ ਸਕੇ । ਖ਼ੂਨਦਾਨ ਕੈਂਪ ਵਿਚ ਬਲਵਿੰਦਰ ਸਿੰਘ ਭੰਗਲ ਅਤੇ ਸਤਵਿੰਦਰ ਕੌਰ ਭੰਗਲ (ਪਤੀ ਅਤੇ ਪਤਨੀ) ਨੇ ਇਕੱਠੇ ਖ਼ੂਨਦਾਨ ਕਰਕੇ ਖ਼ੂਨਦਾਨੀਆਂ ਲਈ ਪ੍ਰੇਰਣਾ ਸਰੋਤ ਬਣੇ। ਕੈਂਪ ਪ੍ਰਬੰਧਕਾਂ ਵੱਲੋਂ ਖ਼ੂਨ ਦਾਨੀਆਂ ਨੂੰ ਸਰਟੀਫਿਕੇਟ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨਗਰ ਨਿਵਾਸੀਆਂ ਲਈ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵੱਲੋਂ ਫਰੀ ਮੈਡੀਕਲ ਕੈਂਪ ਵੀ ਲਗਾਇਆ ਗਿਆ । ਜਿਸ ਹਸਪਤਾਲ ਦੇ ਮਾਹਿਰ ਡਾਕਟਰ ਸਾਹਿਬਾਨ ਵੱਲੋਂ ਮਰੀਜ਼ਾਂ ਦਾ ਮੁਫਤ ਮੈਡੀਕਲ ਚੈੱਕਅੱਪ ਕੀਤਾ ਗਿਆ । ਮਰੀਜ਼ਾਂ ਨੂੰ ਫਰੀ ਦਵਾਈਆਂ ਪ੍ਰਦਾਨ ਕੀਤੀਆਂ ਗਈਆਂ ਅਤੇ ਸ਼ੂਗਰ ਟੈਸਟ ਵੀ ਕੀਤੇ ਗਏ । ਕੈਂਪ ਮੌਕੇ ਜਸਕਰਨ ਸਿੰਘ ਭੰਗਲ ਇਟਲੀ ਨੇ ਸਮੂਹ ਸੰਗਤਾਂ ਅਤੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੀ ਮੈਡੀਕਲ ਟੀਮ ਦਾ ਹਾਰਦਿਕ ਧੰਨਵਾਦ ਕੀਤਾ ਅਤੇ ਸਨਮਾਨ ਕੀਤਾ।

# ਸੰਤ ਬਾਬਾ ਅਜੈਬ ਸਿੰਘ ਜੀ ਕਾਰ ਸੇਵਾ ਵਾਲਿਆਂ ਦੀ ਪਹਿਲੀ ਬਰਸੀ ਅੱਜ 23 ਮਾਰਚ ਦਿਨ ਐਤਵਾਰ ਨੂੰ


ਸੰਤ ਬਾਬਾ ਅਜੈਬ ਸਿੰਘ ਜੀ ਕਾਰ ਸੇਵਾ ਵਾਲਿਆਂ ਦੀ ਪਹਿਲੀ ਬਰਸੀ ਮੌਜੂਦਾ ਸੰਤ ਬਾਬਾ ਸਰਦਾਰਾਂ ਸਿੰਘ ਜੀ ਅਗਵਾਈ ਹੇਠ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੀ ਚਰਨ ਛੋਹ ਅਸਥਾਨ ਗੁਰਦੁਆਰਾ ਮੱਖਣਵਿੰਡੀ ਵਿੱਖੇ ਅੱਜ 23 ਮਾਰਚ ਦਿਨ ਐਤਵਾਰ ਨੂੰ ਮਨਾਈ ਜਾ ਰਹੀ ਹੈ।

**-ਸੰਤ ਬਾਬਾ ਸਰਦਾਰਾਂ ਸਿੰਘ ਜੀ ਮੌਜੂਦਾ ਮੁਖੀ**

ਆਵਾਜ਼ਿ ਕੌਮ AWAZE QAUM International Newspaper & WEB TV

--✶ ਜਾਰੀ ਕਰਤਾ ✶--

## ਸੰਤ ਬਾਬਾ ਮੇਜਰ ਸਿੰਘ ਟਾਹਲੀ ਸਾਹਿਬ

ਆਵਾਜ਼ਿ ਕੌਮ AWAZE QAUM International Newspaper & WEB TV

ਵੱਲੋਂ : ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਹਰ ਫਰੰਟ ਤੇ ਫੇਲ੍ਹ ਸਾਬਤ ਹੋ ਚੁੱਕੀ ਮੋਦੀ ਹਕੂਮਤ ਹੁਣ ਭਿੰਡਰਾਂਵਾਲਿਆ ਦੀ ਸਖਸ਼ੀਅਤ ਨੂੰ

# ਗਲਤ ਪੇਸ ਕਰਕੇ ਬਹੁਗਿਣਤੀ ਨੂੰ ਕਰ ਰਹੀ ਗੁੰਮਰਾਹ : ਮਾਨ



ਨਵੀਂ ਦਿੱਲੀ, 22 ਮਾਰਚ (ਮਨਪ੍ਰੀਤ ਸਿੰਘ ਖਾਲਸਾ):– "ਸ੍ਰੀ ਮੋਦੀ ਨਾ ਤਾਂ ਮਨੁੱਖਤਾ ਪੱਖੀ ਅਤੇ ਨਾ ਹੀ ਅੱਛਾ ਪ੍ਰਬੰਧ ਦੇਣ ਵਾਲੇ ਸਿਆਸਤਦਾਨ ਹਨ ਅਤੇ ਨਾ ਹੀ ਮੁਲਕ ਦੇ ਅਮਨ–ਚੈਨ, ਜਮਹੂਰੀਅਤ ਕਦਰਾਂ ਕੀਮਤਾਂ ਨੂੰ ਕਾਇਮ ਰੱਖਣ

ਆਵਾਜ਼ਿ ਕੌਮ AWAZE QAUM International Newspaper & WEB TV

ਵਿਚ ਕੋਈ ਸੁਹਿਰਦਤਾ ਦਿਖਾਈ ਦੇ ਰਹੀ ਹੈ । ਬਸ ਕੇਵਲ ਹਿੰਦੂਤਵ ਸੋਚ ਨੂੰ ਉਭਾਰਕੇ ਗੁੰਮਰਾਹਕੁੰਨ ਪ੍ਰਚਾਰ ਰਾਹੀ ਹਿੰਦੂਆਂ ਨੂੰ ਆਪਣੇ ਮਗਰ ਲਗਾਉਣ ਦੇ ਗੈਰ ਇਖਲਾਕੀ ਕਾਰਵਾਈਆ ਕਰਦੇ ਨਜਰ ਆ ਰਹੇ ਹਨ । ਜਦੋ ਮੋਦੀ–ਸ਼ਾਹ ਹਕੂਮਤ ਮੁਲਕ ਨਿਵਾਸੀਆ ਨੂੰ ਇਕ ਅੱਛਾ ਇਨਸਾਫ ਪਸੰਦ ਰਾਜ ਭਾਗ ਦੇਣ, ਇਥੋ ਦੀ ਬੇਰੁਜਗਾਰੀ ਨੂੰ ਖਤਮ ਕਰਨ, ਹਰ ਨਾਗਰਿਕ ਦੀ ਮਾਲੀ ਤੇ ਪਰਿਵਾਰਿਕ ਹਾਲਤ ਨੂੰ ਸੁਧਾਰਨ, ਪੁਲਿਸ ਅਤੇ ਫੋਰਸਾਂ ਦੀ ਦੁਰਵਰਤੋ ਕਰਕੇ ਮਨੁੱਖੀ ਅਧਿਕਾਰਾਂ ਦੇ ਹੋ ਰਹੇ ਉਲੰਘਣ ਨੂੰ ਬੰਦ ਕਰਨ, ਅਮਨਮਈ ਤੇ ਜਮਹੂਰੀਅਤ ਪੱਖੀ ਰਾਜ ਪ੍ਰਬੰਧ ਦੇਣ ਵਿਚ ਹੁਣ ਤੱਕ ਅਸਫਲ ਰਹੀ ਹੈ, ਤਾਂ ਹੁਣ ਬਹੁਗਿਣਤੀ ਨੂੰ ਗੁੰਮਰਾਹ ਕਰਨ ਹਿੱਤ ਸਿੱਖ ਕੌਮ ਦੀ ਮਹਾਨ ਸਖਸ਼ੀਅਤ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆ ਦੇ ਨਾਮ ਦੀ ਦੁਰਵਰਤੋ ਕਰਕੇ ਪੰਜਾਬੀਆਂ ਤੇ ਸਿੱਖਾਂ ਨੂੰ ਬਦਨਾਮ ਕਰਕੇ ਹਿੰਦੂਤਵੀਆ ਨੂੰ ਆਪਣੇ ਮਗਰ ਲਗਾਉਣ ਲਈ ਗੈਰ ਕਾਨੂੰਨੀ, ਗੈਰ ਸਮਾਜਿਕ ਅਮਲਾਂ ਵਿਚ ਰੁਝ ਗਈ ਹੈ । ਜਦੋਕਿ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆ ਦਾ ਕਿਸੇ ਵੀ ਕੌਮ, ਧਰਮ, ਫਿਰਕੇ ਨਾਲ ਨਾ ਤਾਂ ਕਦੀ ਕੋਈ ਨਫਰਤ ਰਹੀ ਹੈ ਅਤੇ ਨਾ ਹੀ ਪੰਜਾਬ ਦੇ ਕਿਸੇ ਵੀ ਥਾਣੇ ਵਿਚ ਉਨ੍ਹਾਂ ਦੀ ਕਿਸੇ ਤਰ੍ਹਾਂ ਕੋਈ ਐਫ.ਆਈ.ਆਰ. ਦਰਜ ਹੈ । ਨਾ ਹੀ ਉਨ੍ਹਾਂ ਤੇ ਕੋਈ ਅਪਰਾਧਿਕ ਜਾਂ ਫੌਜਦਾਰੀ ਕੇਸ ਹੈ । ਉਹ ਤਾਂ ਸਭ ਕੌਮਾਂ, ਧਰਮਾਂ, ਫਿਰਕਿਆ ਦੀ ਸਾਂਝੀ ਗੱਲ ਕਰਦੇ ਹੋਏ ਆਪੋ ਆਪਣੇ ਧਰਮਾਂ ਵਿਚ ਪ੍ਰਪੱਕ ਰਹਿਣ ਅਤੇ ਇਕ ਦੂਜੇ ਧਰਮ ਦਾ ਸਤਿਕਾਰ ਕਰਨ ਦੀ ਨਿਰੰਤਰ ਗੱਲ ਕਰਦੇ ਰਹੇ ਹਨ । ਇਥੋ ਤੱਕ ਜ਼ਬਰ ਦਾ ਸਿਕਾਰ ਹੋਣ ਵਾਲੀਆ ਹਿੰਦੂ ਬੀਬੀਆ ਨੂੰ ਸਤਿਕਾਰ ਸਹਿਤ ਉਨ੍ਹਾਂ ਦੇ ਸਹੁਰੇ ਘਰਾਂ ਵਿਚ ਵਸਾਉਣ ਦੇ ਫਰਜ ਵੀ ਅਦਾ ਕਰਦੇ ਰਹੇ ਹਨ । ਤਦੇ ਹੀ ਤਾਂ ਸ੍ਰੀ ਅਕਾਲ ਤਖਤ ਸਾਹਿਬ ਦੀ ਕੌਮੀ ਮਹਾਨ ਸੰਸਥਾਂ ਵੱਲੋ ਉਨ੍ਹਾਂ ਨੂੰ 20ਵੀਂ ਸਦੀ ਦੇ ਮਹਾਨ ਸਿੱਖ ਵੱਜੋ ਸਨਮਾਨ ਦਿੰਦੇ ਹੋਏ ਸਿੱਖ ਰੈਫਰੈਸ ਲਾਈਬ੍ਰੇਰੀ ਅੰਮ੍ਰਿਤਸਰ ਵਿਖੇ ਉਨ੍ਹਾਂ ਦੀ ਸਤਿਕਾਰਿਤ ਫੋਟੋ ਸੁਸੋਭਿਤ ਹੈ । ਉਹ ਸਿੱਖ ਕੌਮ ਦੇ ਨਾਇਕ ਹਨ ਅਤੇ ਰਹਿੰਦੀ ਦੁਨੀਆ ਤੱਕ ਰਹਿਣਗੇ । ਸ੍ਰੀ ਅਮਿਤ ਸ਼ਾਹ ਵਰਗੇ ਸਿੱਖਾਂ ਦੇ ਕਾਤਲਾਂ ਨੂੰ ਕੋਈ ਹੱਕ ਨਹੀ ਕਿ ਉਹ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆ ਉਤੇ ਤੰਜ ਕੱਸਕੇ ਸਿੱਖ ਹਿਰਦਿਆ ਨੂੰ ਠੇਸ ਪਹੁੰਚਾਉਣ ਵਾਲੀਆ ਦੁਖਦਾਇਕ ਕਾਰਵਾਈਆ ਕਰਨ ਅਤੇ ਨਾ ਹੀ ਸਿੱਖ ਕੌਮ ਇਨ੍ਹਾਂ ਕੱਟੜਵਾਦੀ ਹੁਕਮਰਾਨਾਂ ਦੇ ਅਜਿਹੇ ਅਮਲਾਂ ਨੂੰ ਸਹਿਣ ਕਰੇਗੀ । ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸਿੱਖ ਕੌਮ ਦੀ ਹਕੂਮਤ ਕਾਤਲ ਜੂੰਡਲੀ ਸ੍ਰੀ ਮੋਦੀ, ਸ੍ਰੀ ਅਮਿਤ ਸਾਹ, ਜੈਸੰਕਰ, ਅਜੀਤ ਡੋਵਾਲ, ਰਵੀ ਸਿਨ੍ਹਾਂ ਅਤੇ ਸੰਮਤ ਗੋਇਲ ਆਦਿ ਜਿਨ੍ਹਾਂ ਨੂੰ ਅਮਰੀਕਾ ਤੇ ਕੈਨੇਡਾ ਵਰਗੇ ਵੱਡੇ ਮੁਲਕ ਬਤੌਰ ਸਿੱਖਾਂ ਦੇ ਕਾਤਲ ਐਲਾਨ ਕਰ ਚੁੱਕੇ ਹਨ ਅਤੇ ਫਾਈਵ ਆਈ ਮੁਲਕ ਕੌਮਾਂਤਰੀ ਕਾਨੂੰਨਾਂ ਤੇ ਅਦਾਲਤਾਂ ਰਾਹੀ ਸਜਾਵਾਂ ਦੇਣ ਵੱਲ ਵੱਧ ਰਹੇ ਹਨ, ਦੇ ਮੈਬਰ ਸ੍ਰੀ ਅਮਿਤ ਸ਼ਾਹ ਵੱਲੋ ਪਾਰਲੀਮੈਂਟ ਵਿਚ ਖੜ੍ਹੇ ਹੋ ਕੇ ਹਉਮੈ ਵਿਚ ਗ੍ਰਸਤ ਹੋ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਸੰਬੰਧੀ ਅਤੇ ਸਿੱਖ ਕੌਮ ਦੇ ਮਹਾਨ ਨਾਇਕ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆ ਸੰਬੰਧੀ ਅਪਮਾਨਿਤ ਤਨਜ ਕਰਨ ਦਾ ਸਖਤ ਨੋਟਿਸ ਲੈਂਦੇ ਹੋਏ ਅਤੇ ਸਿੱਖ ਕੌਮ ਦੇ ਅਜਿਹੇ ਕਾਤਲਾਂ ਨੂੰ ਨਿਕਲਣ ਵਾਲੇ ਭਿਆਨਕ ਨਤੀਜਿਆ ਤੋ ਖਬਰਦਾਰ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜਿਥੋ ਤੱਕ ਸ੍ਰੀ ਸਾਹ ਨੇ ਸ. ਅੰਮ੍ਰਿਤਪਾਲ ਸਿੰਘ ਸੰਬੰਧੀ ਸੰਤ ਭਿੰਡਰਾਂਵਾਲੇ ਬਣਨ ਅਤੇ ਡਿਬਰੂਗੜ੍ਹ ਜੇਲ ਵਿਚ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਠ ਕਰਨ ਦਾ ਮਜਾਕ ਉਡਾਉਦੇ ਹੋਏ ਗੱਲ ਕੀਤੀ ਹੈ, ਸ. ਅੰਮ੍ਰਿਤਪਾਲ ਸਿੰਘ ਨੇ ਕਦੀ ਵੀ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆ ਦੀ ਨਕਲ ਨਹੀ ਕੀਤੀ, ਕੇਵਲ ਉਨ੍ਹਾਂ ਦੀ ਤਰ੍ਹਾਂ ਕੱਪੜੇ ਅਤੇ ਦਸਤਾਰ ਜਰੂਰ ਸਜਾਉਦੇ ਰਹੇ ਹਨ । ਇਹ ਤਾਂ ਸ੍ਰੀ ਸ਼ਾਹ ਵੀ ਕਈ ਵਾਰੀ ਫੌਜੀ ਅਤੇ ਫੋਰਸਾਂ ਦੀ ਟੋਪੀ ਪਹਿਨਕੇ ਆਪਣੀਆ ਤਸਵੀਰਾਂ ਅਖਬਾਰਾਂ ਵਿਚ ਪ੍ਰਕਾਸਿਤ ਕਰਵਾਉਦੇ ਰਹੇ ਹਨ । ਕੀ ਟੋਪੀ ਪਹਿਨਕੇ ਜਾਂ ਪੁਲਿਸ ਜਾਂ ਫ਼ੌਜੀ ਵਰਦੀ ਪਹਿਨਕੇ ਉਹ ਕੋਈ ਆਈ.ਪੀ.ਐਸ ਅਫਸਰ ਤਾਂ ਨਹੀ ਬਣ ਸਕਦੇ । ਪਾਰਲੀਮੈਂਟ ਵਿਚ ਗੈਰ ਤਰਕ ਗੱਲਾਂ ਕਰਕੇ ਇਹ ਹਿੰਦੂਤਵ ਆਗੂ ਇੰਡੀਅਨ ਨਿਵਾਸੀਆ ਦੇ ਨਾਇਕ ਨਹੀ ਬਣ ਸਕਦੇ । ਨਾਇਕ ਬਣਨ ਲਈ ਤਾਂ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆ ਦੀ ਤਰ੍ਹਾਂ ਜ਼ਬਰ ਜੁਲਮ ਵਿਰੁੱਧ, ਫ਼ੌਜਾਂ, ਫੋਰਸਾਂ ਨਾਲ ਰਣ ਤੱਤੇ ਮੈਦਾਨ ਵਿਚ ਮੁਕਾਬਲਾ ਕਰਦੇ ਹੋਏ ਸਹਾਦਤਾਂ ਦੇਣੀਆ ਪੈਦੀਆਂ ਹਨ।

ਸੈਂਟ ਸੋਲਜਰ ਸਕੂਲ ਦੇ ਪ੍ਰਿੰਸੀਪਲ

# ਸ੍ਰੀਮਤੀ ਅਮਰਪ੍ਰੀਤ ਕੌਰ ਬੈਸਟ ਪ੍ਰਿੰਸੀਪਲ ਐਵਾਰਡ ਨਾਲ ਸਨਮਾਨਿਤ






ਜੰਡਿਆਲਾ ਗੁਰੂ 22 ਮਾਰਚ ( ਕੁਲਵੰਤ ਸਿੰਘ ਵਿਰਦੀ) ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੂੰ ਈਡੀਅਟ ਕਲੱਬ ਪੰਜਾਬ ਵੱਲੋਂ ਬੈਸਟ ਪ੍ਰਿੰਸੀਪਲ ਦੇ ਅਵਾਰਡ

ਆਵਾਜ਼ਿ ਕੌਮ AWAZE QAUM International Newspaper & WEB TV

**ਕਿਸੇ ਵੀ ਫੀਲਡ ਵਿੱਚ ਇਮਾਨਦਾਰੀ ਨਾਲ ਮਿਹਨਤ ਕਰਦੇ ਹੋ ਤਾਂ ਸਫਲਤਾ ਤੁਹਾਡੇ ਕਦਮ ਚੁੰਮਦੀ : ਪ੍ਰਿੰਸੀਪਲ ਅਮਰਪ੍ਰੀਤ ਕੌਰ**

ਨਾਲ ਸਨਮਾਨਿਤ ਕੀਤਾ ਗਿਆ। ਇਸ ਸਬੰਧੀ ਇਡੀਅਟ ਕਲੱਬ ਪੰਜਾਬ ਵੱਲੋਂ ਆਪਣਾ ਸਾਲਾਨਾ ਜਸਪਾਲ ਭੱਟੀ ਐਵਾਰਡ ਸਮਾਰੋ ਪੰਜਾਬ ਨਾਟਸ਼ਾਲਾ ਅੰਮ੍ਰਿਤਸਰ ਵਿਖੇ ਕਰਵਾਇਆ ਗਿਆ ਕਲੱਬ ਦੇ ਪ੍ਰਧਾਨ ਅਤੇ ਫਿਲਮੀ ਕਲਾਕਾਰ ਡਾਕਟਰ ਰਜਿੰਦਰ ਰਿਖੀ ਜੀ ਅਤੇ ਮੀਤ ਪ੍ਰਧਾਨ ਸ਼੍ਰੀਮਤੀ ਧਵਨੀ ਮਹਿਰਾ ਵੱਲੋਂ ਪਦਮ ਭੂਸ਼ਣ ਜਸਪਾਲ ਭੱਟੀ ਜੀ ਦੀ ਨਿੱਘੀ ਯਾਦ ਨੂੰ ਸਮਰਪਿਤ ਇਹ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਵੱਖ–ਵੱਖ ਖੇਤਰਾਂ ਵਿੱਚ ਵਧੀਆ ਸੇਵਾਵਾਂ ਦੇਣ ਵਾਲੀਆਂ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸੇ ਤਹਿਤ ਸੈਂਟ ਸੋਲਜਰ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਜੀ ਨੂੰ ਉਹਨਾਂ ਦੀ ਸਿੱਖਿਆ ਦੇ ਖੇਤਰ ਵਿੱਚ ਅਹਿਮ ਉਪਲਬਧੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਉਹਨਾਂ ਨੂੰ ਬੈਸਟ ਪ੍ਰਿੰਸੀਪਲ 2025 ਦੇ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਸਕੂਲ ਪਹੁੰਚਣ ਤੇ ਸਕੂਲ ਦੇ ਐਮਡੀ ਡਾਕਟਰ ਮੰਗਲ ਸਿੰਘ ਕਿਸ਼ਨ ਪੁਰੀ ਜੀ ਸਮੂਹ ਸਟਾਫ ਅਤੇ ਬੱਚਿਆਂ ਨੇ ਪ੍ਰਿੰਸੀਪਲ ਸ਼੍ਰੀਮਤੀ ਅਮਰਪ੍ਰੀਤ ਕੌਰ ਜੀ ਦਾ ਸ਼ਾਨਦਾਰ ਸਵਾਗਤ ਕੀਤਾ। ਇਸ ਮੌਕੇ ਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੇ ਕਿਹਾ ਕਿ ਜਦੋਂ ਤੁਸੀਂ ਪੂਰੀ ਇਮਾਨਦਾਰੀ ਨਾਲ ਕਿਸੇ ਵੀ ਫੀਲਡ ਵਿੱਚ ਮਿਹਨਤ ਕਰਦੇ ਹੋ ਤਾਂ ਸਫਲਤਾ ਤੁਹਾਡੇ ਕਦਮ ਜਰੂਰ ਚੁੰਮਦੀ ਹੈ। ਉਨਾਂ ਨੇ ਬੱਚਿਆਂ ਨੂੰ ਵੀ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਦੀ ਪ੍ਰੇਰਣਾ ਦਿੱਤੀ ਉਹਨਾਂ ਨੇ ਇਹ ਅਵਾਰਡ ਮਿਹਨਤੀ ਅਧਿਆਪਕਾਂ ਅਤੇ ਬੱਚਿਆਂ ਨੂੰ ਸਮਰਪਿਤ ਕੀਤਾ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ ਕੋ ਆਡੀਨੇਟਰ ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

# ਸੰਤ ਗੁਰਪ੍ਰੀਤ ਸਿੰਘ ਉਦਾਸੀ ਮੁਖੀ ਉਦਾਸੀਨ ਟਕਸਾਲ ਇੰਟਰਨੈਸ਼ਨਲ ਨੂੰ ਕੇਂਦਰੀ ਯੂਨੀਵਰਸਿਟੀ ਵਿਖੇ ਸਨਮਾਨਿਤ ਕਰਨਾ ਸ਼ਲਾਘਾਯੋਗ ਕਦਮ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ 22 ਮਾਰਚ ( ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨੀ ਕੇਂਦਰੀ ਯੂਨੀਵਰਸਿਟੀ ਪੰਜਾਬ ( ਬਠਿੰਡਾ ) ਵਿੱਖੇ ਵਾਇਸ ਚਾਂਸਲਰ ਪ੍ਰੋ ਆਰ. ਪੀ. ਤਿਵਾਰੀ ਵੱਲੋਂ ਸਨਮਾਨਿਤ ਕੀਤਾ ਗਿਆ । ਇਸ ਮੌਕੇ ਤੇ ਡਾ ਵਿਪਿਨ ਪਾਲ ਸਿੰਘ ਅਤੇ ਸ . ਸੁੱਖਪਾਲ ਸਿੰਘ ਸਰਾਂ ਵੀ ਮੌਜੂਦ ਸਨ । ਪ੍ਰੋ : ਤਿਵਾਰੀ ਜੀ ਨੇ ਸੰਤ ਬਾਬਾ ਗੁਰਪ੍ਰੀਤ ਸਿੰਘ ਜੀ ਨੂੰ ਆਉਣ ਵਾਲੇ ਸਮੇ ਵਿੱਚ ਕੇਂਦਰੀ ਯੂਨੀਵਰਸਿਟੀ ਪੰਜਾਬ ( ਬਠਿੰਡਾ ) ਵਿੱਚ ਧਾਰਮਿਕ ਲੈਕਚਰ ਦੇਣ ਵਾਸਤੇ ਸੱਦਾ ਵੀ ਦਿੱਤਾ । ਬੱਚਿਆਂ ਤੇ ਵੱਧ ਰਹੇ ਪੜ੍ਹਾਈ ਅਤੇ ਭਵਿੱਖ ਦੀ ਚਿੰਤਾ ਦੇ ਦਬਾਅ ਨੂੰ ਧਰਮ ਕਿਵੇਂ ਸੰਤੁਲਿਤ ਕਰਨ ਵਿੱਚ ਸਹਾਇਕ ਹੋ ਸਕਦਾ ਹੈ ਵਰਗੇ ਵਿਸ਼ੇ ਤੇ ਲੰਮੇਰੀ ਚਰਚਾ ਹੋਈ ।

ਆਵਾਜ਼ਿ ਕੌਮ AWAZE QAUM International Newspaper & WEB TV

ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਨੇ ਬੀਤੇ ਦਿਨੀਂ ਬਾਬਾ ਹਰਪ੍ਰੀਤ ਸਿੰਘ ਜੀ ਉਦਾਸੀ ਮੁਖੀ ਇੰਟਰਨੈਸ਼ਨਲ ਉਦਾਸੀਨ ਟਕਸਾਲ ਨੂੰ ਉਹਨਾਂ ਦੀਆਂ ਧਾਰਮਿਕ ਸੇਵਾਵਾਂ ਨੂੰ ਮੁੱਖ ਰੱਖਦਿਆਂ ਕੇਂਦਰੀ ਯੂਨੀਵਰਸਿਟੀ ਪੰਜਾਬ ( ਬਠਿੰਡਾ) ਦੇ ਵਾਇਸ ਚਾਂਸਲਰ ਪ੍ਰੋ ਆਰ ਪੀ ਤਿਵਾੜੀ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕਰਨ ਦੀ ਜ਼ੋਰਦਾਰ ਸ਼ਬਦਾਂ 'ਚ ਸ਼ਲਾਘਾ ਕਰਦਿਆਂ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਸਾਹਿਬ ਅਜਿਹਾ ਕਰਕੇ ਸਮੇਂ ਦੀ ਲੋੜ ਵਾਲਾ ਫੈਸਲਾ ਲਿਆ ਹੈ ਇਸ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ ਆਰ ਪੀ ਤਿਵਾੜੀ, ਡਾਕਟਰ ਵਿਪਿਨ ਪਾਲ ਸਿੰਘ ਤੇ ਸ੍ਰ ਸੁਖਪਾਲ ਸਰਾਂ ਵੀ ਹਾਜ਼ਰ ਸਨ ਭਾਈ ਖਾਲਸਾ ਨੇ ਕਿਹਾ ਇਨ੍ਹਾਂ ਯੂਨੀਵਰਸਿਟੀ ਪ੍ਰਬੰਧਕਾਂ ਵੱਲੋਂ ਸੰਤ ਬਾਬਾ ਗੁਰਪ੍ਰੀਤ ਸਿੰਘ ਉਦਾਸੀ ਜੀ ਨੂੰ ਆਉਣ ਵਾਲੇ ਸਮੇਂ ਵਿੱਚ ਕੇਂਦਰੀ ਯੂਨੀਵਰਸਿਟੀ ਪੰਜਾਬ (ਬਠਿੰਡਾ) ਵਿਖੇ ਧਾਰਮਿਕ ਲੈਕਚਰ ਦੇਣ ਦਾ ਸੱਦਾ ਦਿੱਤਾ ਗਿਆ ਜੋ ਉਨ੍ਹਾਂ ਪ੍ਰਵਾਨ ਕੀਤਾ ਤੇ ਕਿਹਾ ਬੱਚਿਆਂ ਤੇ ਵਧ ਰਹੇ ਪੜਾਈ ਰੁਝਾਨ ਅਤੇ ਭਵਿੱਖ ਦੀ ਚਿੰਤਾ ਦੇ ਦਬਾਅ ਨੂੰ ਧਰਮ ਕਿਵੇਂ ਸੰਤੁਲਿਤ ਕਰਨ ਵਿਚ ਸਹਾਇਕ ਹੋ ਸਕਦਾ ਹੈ ਵਰਗੇ ਡੂਗੇ ਵਿਸੇ ਤੇ ਲੰਮੇਰੀ ਚਰਚਾ ਹੋਈ।

# ਮਨੀਸ਼ ਸਿਸੋਦੀਆ ਪੰਜਾਬ ਮਾਮਲਿਆਂ ਦੇ ਇੰਚਾਰਜ ਅਤੇ ਸਤੇਂਦਰ ਜੈਨ ਨੂੰ ਸਹਿ ਇੰਚਾਰਜ ਬਣਨ ਤੇ ਜੱਸੀ ਸੇਖੋਂ ਨੇ ਦਿੱਤੀ ਵਧਾਈ



**ਧੂਰੀ ( ਰਣਜੀਤ ਸਿੰਘ ਪੇਧਨੀ )**-'ਆਪ' ਆਗੂ ਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੂੰ ਪਾਰਟੀ ਦੇ ਪੰਜਾਬ ਮਾਮਲਿਆਂ ਦਾ ਇੰਚਾਰਜ ਅਤੇ ਸਤੇਂਦਰ ਜੈਨ ਨੂੰ ਸਹਿ ਇੰਚਾਰਜ ਬਣਨ ਤੇ ਮੁਬਾਰਕਵਾਦ ਦਿੰਦਿਆਂ ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਸ, ਜਸਵੀਰ ਸਿੰਘ ਜੱਸੀ ਸੇਖੋਂ ਨੇ ਕਿ ਉਹ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਦਿਲ ਦੀਆਂ

ਆਵਾਜ਼ਿ ਕੌਮ AWAZE QAUM International Newspaper & WEB TV

ਗਹਿਰਾਈਆਂ ਚੋ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਪੜ੍ਹੇ ਲਿਖੇ ਤਜਰਬੇਕਾਰ ,ਇਨਸਾਨੀਅਤ ਅਤੇ ਪੰਜਾਬੀਅਤ ਨੂੰ ਪਿਆਰ ਕਰਨ ਵਾਲੇ ਦੋਵੇਂ ਨੇਤਾਂ ਨੂੰ ਪੰਜਾਬ ਦੀ ਕਮਾਨ ਸੰਭਾਲੀ ਹੈ। ਉਨ੍ਹਾਂ ਕਿਹਾ ਕਿ ਮਨੀਸ਼ ਸਿਸੋਦੀਆ ਅਤੇ ਸਤੇਂਦਰ ਜੈਨ ਦੇ ਪੰਜਾਬ ਵਿੱਚ ਆਉਣ ਨਾਲ ਪਾਰਟੀ ਵੱਡੇ ਪੱਧਰ ਤੇ ਮਜਬੂਤ ਹੋਵੇਗੀ । ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੇ ਤਿੰਨ ਸਾਲਾਂ ਵਿੱਚ ਪੰਜਾਬ ਵਿੱਚ ਉਹ ਕੰਮ ਕਰ ਕੇ ਦਿਖਾ ਦਿੱਤੇ ਹਨ ਜਿਨ੍ਹਾਂ ਨੂੰ ਪਿਛਲੀਆਂ ਸਰਕਾਰਾਂ 70 ਸਾਲਾਂ ਵਿੱਚ ਵੀ ਨਹੀ ਕਰ ਸਕੀਆਂ। ਪੰਜਾਬ ਸਰਕਾਰ ਵੱਲੋਂ ਚਲਾਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ ਦੀ ਹਰ ਪਾਸੇ ਸਲਾਂਘਾ ਹੋ ਰਹੀ ਹੈ ਕਿਉਂਕਿ ਨਸੇ ਨੇ ਪੰਜਾਬ ਦੀ ਜਵਾਨੀ ਨੂੰ ਬਰਬਾਦ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਸੀ। ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਪੰਜਾਬ ਕਰਨ ਦਾ ਫੈਸਲਾ ਸਲਾਘਾਯੋਗ ਕਦਮ ਹੈ। ਇਸ ਮੌਕੇ ਆਪ ਆਗੂ ਹਰਪ੍ਰੀਤ ਸਿੰਘ ਮੀਮਸਾ, ਆਪ ਆਗੂ ਗੁਰਵਿੰਦਰ ਸਿੰਘ ਸੋਹੀ ਹਾਜਰ ਸਨ।

# ਸਰਕਲ ਧੂਰੀ ਅਤੇ ਅਮਰਗੜ੍ਹ ਦੇ ਠੇਕਿਆ ਤੇ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਨੇ ਮਾਰੀ ਬਾਜੀ



ਧੂਰੀ ( ਰਣਜੀਤ ਸਿੰਘ ਪੇਧਨੀ ) ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਅਕਸਾਇਜ ਮਹਿਕਮੇਂ ਵੱਲੋਂ ਠੇਕਿਆ ਦੀ ਨਿਲਾਮੀ ਕੀਤੀ ਗਈ ਹੈ। ਜਿਸ ਵਿੱਚ ਧੂਰੀ ਸਰਕਲ ਅਤੇ ਅਮਰਗੜ੍ਹ ਸਰਕਲ ਦੇ ਠੇਕੇ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਦੇ ਹਿੱਸੇ ਆਏ ਹਨ । ਇਸ ਮੌਕੇ ਪੰਜਾਬ ਦੀ ਮਾਨ ਸਰਕਾਰ

ਆਵਾਜ਼ਿ ਕੌਮ AWAZE QAUM International Newspaper & WEB TV


ਦਾ ਧੰਨਵਾਦ ਕਰਦਿਆਂ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਨੇ ਕਿਹਾ ਕਿ ਕੰਮ ਇਨਸਾਨ ਦਾ ਮੁੱਢਲਾ ਫਰਜ਼ ਹੈ, ਹਰ ਵਿਅਕਤੀ ਕਿਸੇ ਨਾ ਕਿਸੇ ਖੇਤਰ ਵਿੱਚ ਆਪਣੀ ਨਾਮਣਾ ਖਟ ਰਿਹਾ ਹੈ। ਸਰਕਲ ਧੂਰੀ, ਅਮਰਗੜ੍ਹ ਦੀਆਂ ਦੁਕਾਨਾਂ ਤਕਰੀਬਨਸਾਰੀਆਂ ਹੀ ਸਾਡੀ ਕੰਪਨੀ ਕੋਲ ਆ ਗਈਆਂ ਹਨ ਜਦ ਕਿ ਸੰਗਰੂਰ ਜਿਲ੍ਹੇ ਦਾ 25% ਹਿੱਸਾ ਵੀ ਸਾਡੇ ਹਿੱਸੇ ਆਇਆ ਹੈ। ਉਨ੍ਹਾਂ ਕਿਹਾ ਕਿਅਸੀਂ ਧੰਨਵਾਦ ਕਰਦੇ ਹਾਂ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਅਤੇ ਪੰਜਾਬ ਦੇ ਵਿੱਤ ਮੰਤਰੀ ਸ, ਹਰਪਾਲ ਸਿੰਘ ਚੀਮਾ ਜਿਨਾਂ ਨੇ ਐਕਸਾਈਜ਼ ਮਹਿਕਮੇ ਨੂੰ ਅੱਜ ਟੌਪ ਤੇ ਕੀਤਾ ਹੋਇਆ ਹੈ ਕਿਉਂਕਿ ਅਕਸਾਈਜ ਹੀ ਇੱਕ ਅਜਿਹਾ ਮਹਿਕਮਾ ਹੈ ਜੋ ਬਾਕੀ ਦੂਸਰਿਆਂ ਮਹਿਕਮਿਆਂ ਦੇ ਬਰਾਬਰ ਇਕੱਲਾ ਹੀ ਪੰਜਾਬ ਨੂੰ ਕਰੋੜਾਂ ਰੁਪਇਆ ਕਮਾ ਕੇ ਦਿੰਦਾ ਹੈ ।

# ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਚਰਨ ਛੋਹ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਮੱਖਣਵਿੰਡੀ ਸਾਹਿਬ ਮੌਜੂਦਾ ਸੰਤ ਬਾਬਾ ਸਰਦਾਰਾਂ ਸਿੰਘ ਦੀ ਅਗਵਾਈ ਹੇਠ ਹੋਲੇ ਮਹੱਲੇ ਨੂੰ ਸਮਰਪਿਤ ਅੱਜ ਸੱਤਵੇਂ ਦਿਨ ਦੀਵਾਨ ਸਜਾਏ










--✶ ਜਾਰੀ ਕਰਤਾ ✶--

ਆਵਾਜ਼ਿ ਕੌਮ AWAZE QAUM International Newspaper & WEB TV

## ਸੰਤ ਬਾਬਾ ਮੇਜਰ ਸਿੰਘ ਟਾਹਲੀ ਸਾਹਿਬ

**ਵੱਲੋਂ : ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ**

### ਪਿੰਡ ਮਹਾਲਮ ਵਿੱਚ ਸੰਤ ਬਾਬਾ ਹਰਨਾਮ ਸਿੰਘ ਜੀ ਰੱਤੋਕਿਆਂ ਵਾਲਿਆਂ ਦੀ ਯਾਦ ਵਿੱਚ ਮਨਾਇਆ ਜਾ ਰਿਹਾ

# ਜੋੜ ਮੇਲਾ ਆਪਣੀਆਂ ਅਮਿਟ ਯਾਦਾਂ ਛੱਡਦਾ ਹੋਇਆ ਸਮਾਪਤ

## ਅੱਜ ਸਮਾਪਤੀ ਸਮੇਂ ਸਵਰਗਵਾਸੀ ਬਾਬੇ ਸ਼ਿੰਗਾਰਾ ਸਿੰਘ ਜੀ ਉਹਨਾਂ ਵੱਲੋਂ ਵਰਸਾਈ ਬਾਬਾ ਦਾਰਾ ਸਿੰਘ ਜੀ ਦੇ ਸਮੂਹ ਨਿਹੰਗ ਸਿੰਘਾਂ ਨੇ ਘੋੜਿਆਂ ਦੀ ਜੌਹਰ ਦਿਖਾ ਕੇ ਘੋੜ ਦੌੜਾ ਕਰਕੇ ਸੰਗਤਾਂ ਨੂੰ ਕੀਤਾ ਨਿਹਾਲ ਤੇ ਸਮਾਪਤੀ ਦੇ ਵਿੱਚ ਨਗਰ ਦੀ ਚੜ੍ਹਦੀ ਕਲਾ ਦੀ ਕੀਤੀ ਅਰਦਾਸ













**ਫਿਰੋਜ਼ਪੁਰ, 22 ਮਾਰਚ (ਸੁਖਮੰਦਰ ਸਿੰਘ ਸ਼ਾਤ)**-ਅੱਜ ਪਿੰਡ ਮਹਾਲਮ ਦੇ ਵਿੱਚ ਧੰਨ ਧੰਨ ਬਾਬਾ ਹਰਨਾਮ ਸਿੰਘ ਜੀ ਰੱਤੋਕਿਆਂ ਵਾਲਿਆਂ ਦੀ ਯਾਦ ਵਿੱਚ ਸਲਾਨਾ ਜੋੜ ਮੇਲਾ ਮਨਾਇਆ ਗਿਆ। ਜਿਸ ਵਿੱਚ ਸ਼ਾਮ ਨੂੰ ਅੱਜ ਸਵਰਗਵਾਸੀ ਬਾਬਾ ਸ਼ਿੰਗਾਰਾ ਸਿੰਘ ਜੀ ਜਿਨਾਂ ਤੋਂ ਵਰਸਾਏ ਹੋਏ ਬਾਬਾ ਦਾਰਾ ਸਿੰਘ ਜੀ ਉਹਨਾਂ ਦੇ ਸਮੂਹ ਨਿਹੰਗ ਸਿੰਘਾਂ ਨੇ ਘੋੜਿਆਂ ਦੀ ਜੌਹਰ ਦਿਖਾਏ ਘੋੜ ਦੌੜਾਂ ਹੋਈਆਂ ਅਤੇ ਸੰਗਤਾਂ ਨੂੰ ਗੁਰੂ ਘਰਾਂ ਨਾਲ ਜੁੜਨ ਦਾ ਉਪਦੇਸ਼ ਦਿੱਤਾ ਇਸ ਸਮੇਂ ਪ੍ਰਬੰਧਕ ਕਮੇਟੀ ਗੁਰਵਿੰਦਰ ਸਿੰਘ ਮਹਾਲਮ ਉਹਨਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਇਹ ਸਾਡੀਆਂ ਵਿਰਾਸਤੀ ਖੇਡਾਂ ਸਨ ਜੋ ਧੰਨ ਗੁਰੂ ਹਰਗੋਬਿੰਦ ਸਾਹਿਬ ਮਹਾਰਾਜ ਉਹਨਾਂ ਦੇ ਵੱਲੋਂ ਚਲਾਈਆਂ ਗਈਆਂ ਸਨ ਪਰ ਅੱਜ ਸਾਡੀਆਂ ਪੀੜੀਆਂ ਸਾਡੀ ਨੌਜਵਾਨੀ ਸਾਡੇ ਲੋਕ ਇਹਨਾਂ ਵਿਰਾਸਤੀ ਖੇਡਾਂ ਤੋਂ ਦੂਰ ਹੁੰਦੇ ਜਾ ਰਹੇ ਹਨ ਸੋ ਘੋੜ ਸਵਾਰੀਆਂ ਕਰਨੀਆਂ ਨਿੱਜੀ ਰੱਖਣੀ ਚੰਗੀ ਸ਼ਸਤਰ ਰੱਖਣੇ ਗਤਕੇ ਦੇ ਜੌਹਰ ਸਿੱਖਣੇ ਤੇ ਦਿਖਾਉਣੇ ਇਹ ਸਾਨੂੰ ਗੁਰੂ ਕਲਗੀਧਰ ਪਾਤਸ਼ਾਹ ਨੇ ਸਿਖਾਇਆ ਸੀ ਪਰ ਸਾਡੇ ਵਿੱਚੋਂ ਇਹ ਖੇਡਾਂ ਅਲੋਪ ਹੁੰਦੀਆਂ ਜਾ ਰਹੀਆਂ ਹਨ ਸੋ ਉਹਨਾਂ ਨੇ ਪਿੰਡਾਂ ਦੇ ਲੋਕਾਂ ਨੂੰ ਇਹਨਾਂ ਵਿਰਾਸਤੀ ਖੇਡਾਂ ਘੋੜ ਦੌੜਾਂ ਅਤੇ ਗਤਕੇ ਦੇ ਜੌਹਰ ਹਰ ਇੱਕ ਪਿੰਡਾਂ ਦੇ ਸਮਾਗਮਾਂ ਵਿੱਚ ਦਿਖਾਉਣ ਅਤੇ ਘੋੜ ਦੌੜਾਂ ਕਰਾਉਣ ਦੀ ਅਪੀਲ ਕੀਤੀ।••

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਪਿੰਡ ਝੋਕ ਮੋਹੜੇ ਬਰਾਂਚ ਦਮਦਮੀ ਟਕਸਾਲ ਫ਼ਿਰੋਜ਼ਪੁਰ ਵਿਖੇ

# ਮਹਾਂਪੁਰਸ਼ਾਂ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਸਮਾਗਮ ਆਯੋਜਿਤ







**ਫ਼ਿਰੋਜ਼ਪੁਰ, 22 ਮਾਰਚ (ਮਨੋਹਰ ਲਾਲ) :—** ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਪਿੰਡ ਝੋਕ ਮੋਹੜੇ ਬਰਾਂਚ ਦਮਦਮੀ ਟਕਸਾਲ ਫ਼ਿਰੋਜ਼ਪੁਰ ਵਿਖੇ ਮਹਾਂਪੁਰਸ਼ ਸਤਿਕਾਰਯੋਗ ਸੰਤ ਬਾਬਾ ਠਾਕੁਰ ਸਿੰਘ ਭਿੰਡਰਾਂ ਵਾਲੇ, ਸੰਤ ਬਾਬਾ ਕੁੰਦਨ ਸਿੰਘ ਜੀ ਮਹਾਂਪੁਰਸ਼ ਨਾਨਕਸਰ ਕਲੇਰਾਂ ਵਾਲੇ, ਸੰਤ ਬਾਬਾ ਗੁਰਬਖਸ਼ ਸਿੰਘ ਜੈਲਦਾਰ ਤੋਂ ਇਲਾਵਾ ਹੋਰ ਵੀ ਮਹਾਂਪੁਰਖਾਂ ਦੀ ਮਿੱਠੀ ਯਾਦ ਨੂੰ ਸਮਰਪਿਤ ਸਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਨੇ ਪਹੁੰਚ ਕੇ ਕਥਾ ਕੀਤੀ ਅਤੇ ਕਿਹਾ ਕਿ ਅੱਜ ਅਸੀਂ ਉਨ੍ਹਾਂ ਮਹਾਂਪੁਰਸ਼ਾਂ ਦੀ ਮਿੱਠੀ ਯਾਦ ਮਨਾ ਰਹੇ ਹਾਂ, ਇਹ ਮਹਾਂਪੁਰਸ਼ ਕਮਾਈ ਵਾਲੇ ਮਹਾਂਪੁਰਸ਼ ਸਨ ਅਤੇ ਇਨ੍ਹਾਂ ਸਾਰੀ ਉਮਰ ਸੰਗਤਾਂ ਨੂੰ ਨਾਮ ਜਪਾਇਆ ਅਤੇ ਲੱਖਾਂ—ਕਰੋੜਾਂ ਸੰਗਤਾਂ ਨੂੰ ਸਿੱਧੇ ਰਸਤੇ ਪਾ ਕੇ ਗੁਰੂ ਨਾਲ ਜੋੜਿਆ। ਗਿਆਨੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਨੇ ਕਥਾ ਕਰਦਿਆਂ ਆਖਿਆ ਕਿ ਜਿਸ ਤਰ੍ਹਾਂ ਵਿਉਪਾਰੀ ਲੈਣ—ਦੇਣ ਕਰਦਾ ਹੈ, ਉਸੇ ਤਰ੍ਹਾਂ ਸਾਨੂੰ ਪੂਰਨ ਮਹਾਂਪੁਰਸ਼ ਜਿਹੜੇ ਕਿ ਸਾਨੂੰ ਸਮਝਾਉਂਦੇ ਹਨ ਕਿ ਗੁਰਬਾਣੀ ਦਾ ਪਾਠ ਕਰੋ, ਨਸ਼ਿਆਂ ਦਾ ਤਿਆਗ ਕਰੋ ਅਤੇ ਅਸੀਂ ਉਨ੍ਹਾਂ ਦਾ ਕਹਿਣਾ ਮੰਨ ਲਈਏ ਤਾਂ ਸੰਤ ਮਹਾਂਪੁਰਸ਼, ਸਾਡੇ ਸਾਰੇ ਦੁੱਖ ਆਪ ਲੈ ਲੈਂਦੇ ਹਨ ਅਤੇ ਸਾਨੂੰ ਸੁੱਖਾਂ ਦੀ ਦਾਤ ਬਖਸ਼ਦੇ ਹਨ, ਜੇਕਰ ਸਾਡੇ ਉਪਰ ਵਾਹਿਗੁਰੂ ਜੀ ਦਾ ਪ੍ਰੇਮ ਨਾਮ ਚੜ੍ਹ ਜਾਵੇ ਤਾਂ ਅਸੀਂ ਸਭ ਕੁਝ ਪਾ ਲੈਂਦੇ ਹਾਂ। ਇਸ ਮੌਕੇ ਤੇ ਗਿਆਨੀ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਕਥਾ ਕਰਦਿਆਂ ਆਖਿਆ ਕਿ ਅੱਜ ਅਸੀਂ ਇਨ੍ਹਾਂ ਮਹਾਂਪੁਰਖਾਂ ਦੀ ਮਿੱਠੀ ਯਾਦ ਮਨਾ ਰਹੇ ਹਾਂ, ਇਹ ਕਮਾਈ ਵਾਲੇ ਮਹਾਂਪੁਰਖ ਸੀ, ਸਾਨੂੰ ਇਨ੍ਹਾਂ ਦੇ ਦਸੇ ਹੋਏ ਮਾਰਗ ਤੇ ਚੱਲਣਾ ਚਾਹੀਦਾ ਹੈ ਅਤੇ ਇਨ੍ਹਾਂ ਵੱਲੋਂ ਦਰਸਾਏ ਮਾਰਗ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਲੜ ਲੱਗਣਾ ਚਾਹੀਦਾ ਹੈ। ਇਸ ਮੌਕੇ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਮੁੱਖ ਹੈਡ ਗ੍ਰੰਥੀ ਸਚਖੰਡ ਸ੍ਰੀ ਦਰਬਾਰ ਸਾਹਿਬ ਨੇ ਕਥਾ ਕੀਤੀ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਭਿੰਡਰਾਂ ਵਾਲਿਆਂ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ 28 ਮਾਰਚ ਦਿਨ ਸ਼ੁਕਰਵਾਰ 2025 ਨੂੰ ਰੋਸ ਧਰਨਾ ਸ: ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਵਿਚ ਦਿੱਤਾ ਜਾ ਰਿਹਾ ਹੈ, ਜਿਸ ਵਿਚ ਭਾਰੀ ਗਿਣਤੀ ਵਿਚ ਪਹੁੰਚੋ ਤਾਂ ਜੋ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਤਰਿੰਗ ਕਮੇਟੀ ਨੇ ਜੋ ਜਥੇਦਾਰ ਕੱਢੇ ਹਨ, ਉਨ੍ਹਾਂ ਨੂੰ ਬਹਾਲ ਕਰਵਾ ਸਕੀਏ। ਇਸ ਮੌਕੇ ਤੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਪਿੰਡ ਝੋਕ ਮੋਹੜੇ ਬਰਾਂਚ ਦਮਦਮੀ ਟਕਸਾਲ ਫ਼ਿਰੋਜ਼ਪੁਰ ਦੇ ਮੁੱਖ ਸੇਵਾਦਾਰ ਭਾਈ ਰਛਪਾਲ ਸਿੰਘ ਨੇ ਸਮੂਹ ਆਏ ਹੋਏ ਮਹਾਂਪੁਰਸ਼ਾਂ ਦਾ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕੀਤਾ। ਇਸ ਮੌਕੇ ਤੇ ਮਹਾਂਪੁਰਸ਼ਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ, ਜਿਸ ਵਿਚ ਅਨੇਕਾਂ ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਇਸ ਮੌਕੇ ਤੇ ਮਹਾਂਪੁਰਖ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ, ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰੇ ਦਮਦਮੀ ਟਕਸਾਲ, ਭਾਈ ਜਤਿੰਦਰਪਾਲ ਸਿੰਘ ਰਾਗੀ ਗੁਰਦੁਆਰਾ ਜਾਮਨੀ ਸਾਹਿਬ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ, ਭਾਈ ਮਲਕੀਤ ਸਿੰਘ ਇੰਟਰਨੈਸ਼ਨਲ ਪੰਥਕ ਦਲ, ਸੰਤ ਬਾਬਾ ਸੁੱਚਾ ਸਿੰਘ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ, ਗਿਆਨੀ ਸੁਖਦੇਵ ਸਿੰਘ ਖਾਲਸਾ ਦਮਦਮੀ ਟਕਸਾਲ ਬੁਕਣ ਖਾਂ ਵਾਲਾ, ਸੰਤ ਬਾਬਾ ਦਰਸ਼ਨ ਸਿੰਘ ਬੋਰੀ ਵਾਲੇ, ਭਾਈ ਮੰਗਲ ਸਿੰਘ ਦਮਦਮੀ ਟਕਸਾਲ, ਸੰਤ ਬਾਬਾ ਹਰਭਜਨ ਸਿੰਘ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਜਥੇਦਾਰ ਗੁਰਮੀਤ ਸਿੰਘ ਮੀਤਾ, ਭਾਈ ਵੀਰਪਾਲ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਪਤਵੰਤੇ ਹਾਜ਼ਰ ਸਨ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਲਵਪ੍ਰੀਤ ਸਿੰਘ ਸ਼ਾਮ ਸਿੰਘ ਵਾਲਾ, ਭਾਈ ਵੀਰਪਾਲ ਸਿੰਘ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ।

**ਸਲਾਨਾ ਮਹਾਨ ਗੁਰਮਤਿ ਸਮਾਗਮ ਵਿਖੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਨੇ ਭਰੀ ਹਾਜ਼ਰੀ ☛ ਸੰਗਤਾਂ ਦਾ ਹੋਇਆ ਭਾਰੀ ਇਕੱਠ**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਕਰਵਾਇਆ ਗਰੈਜੂਏਸ਼ਨ ਸਮਾਰੋਹ



**ਫ਼ਿਰੋਜ਼ਪੁਰ, 22 ਮਾਰਚ (ਮਨੋਹਰ ਲਾਲ) :—** ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਖੇ ਗਰੈਜੂਏਸ਼ਨ ਸਮਾਰੋਹ ਕਰਵਾਇਆ ਗਿਆ। ਇਹ ਸੈਮੀਨਾਰ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਨਿਗਰਾਨੀ ਹੇਠ ਕਰਵਾਇਆ ਗਿਆ, ਜਿਸ ਵਿਚ ਕਲਾਸ ਫਾਊਂਡੇਸ਼ਨ—3 ਤੋਂ ਪਹਿਲੀ ਜਮਾਤ ਵਿੱਚ ਦਾਖਲ ਹੋਣ ਵਾਲੇ ਵਿਦਿਆਰਥੀਆਂ ਲਈ ਸਕੂਲ ਕੈਂਪਸ ਵਿੱਚ ਇੱਕ ਗ੍ਰੈਜੂਏਸ਼ਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਰੋਹ ਦੀ ਸ਼ੁਰੂਆਤ ਮੁੱਖ ਮਹਿਮਾਨ ਦੀਪਾਲੀ ਵਸ਼ਿਸ਼ਠ, ਸਮ੍ਰਿਤੀ ਭੱਲਾ ਅਤੇ ਸਕੂਲ ਵਿੱਚ ਆਏ ਪ੍ਰਬੰਧਕ ਮੈਂਬਰਾਂ ਦੁਆਰਾ ਦੀਪਕ ਜਗਾਉਣ ਅਤੇ ਵਿਦਿਆਰਥੀਆਂ ਦੁਆਰਾ ਗਣੇਸ਼ ਵੰਦਨਾ ਨਾਲ ਹੋਈ। ਇਸ ਦੌਰਾਨ ਬੱਚਿਆਂ ਨੇ ਰੈਂਪ ਵਾਕ ਅਤੇ ਡਾਂਸ ਵਰਗੇ ਪ੍ਰਦਰਸ਼ਨ ਕੀਤੇ ਜਿਸ ਨੇ ਸਾਰਿਆਂ ਨੂੰ ਮੋਹਿਤ ਕਰ ਦਿੱਤਾ ਅਤੇ ਵਿਦਿਆਰਥੀਆਂ ਵੱਲੋਂ ਜੂਡੋ (ਤਾਈਕਵਾਂਡੋ) ਦਾ ਪ੍ਰਦਰਸ਼ਨ ਵੀ ਕੀਤਾ ਗਿਆ, ਜੋ ਖਿੱਚ ਦਾ ਕੇਂਦਰ ਸੀ। ਫਾਊਂਡੇਸ਼ਨ—3 ਦੇ ਵਿਦਿਆਰਥੀਆਂ ਨੇ ਥੈਂਕਸ ਨੋਟ ਦੁਆਰਾ ਅਧਿਆਪਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰੀਖਿਆ ਵਿੱਚ ਪਹਿਲੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ, ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਵਿਦਿਆਰਥੀਆਂ ਨੂੰ ਪਹਿਲੀ ਜਮਾਤ ਵਿੱਚ ਦਾਖਲ ਹੋਣ ਤੇ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਦਿਆਰਥੀਆਂ ਦੇ ਉਤਸ਼ਾਹ ਅਤੇ ਮਨੋਬਲ ਨੂੰ ਵਧਾਉਣ ਅਤੇ ਉਨ੍ਹਾਂ ਨੂੰ ਉਤਸ਼ਾਹਿਤ ਕਰਨ ਲਈ ਅਜਿਹੇ ਪ੍ਰੋਗਰਾਮਾਂ ਦਾ ਆਯੋਜਨ ਕਰਨ ਲਈ ਹਮੇਸ਼ਾ ਵਚਨਬੱਧ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਹਿਮਾਚਲ ਦੇ ਕੂਲੂ ਸ਼ਹਿਰ ਵਿਚ ਸੰਤ ਗਿਆਨੀ ਜਰਨੈਲ ਸਿੰਘ ਦੀ ਤਸਵੀਰ ਤੇ ਨਿਸ਼ਾਨ ਸਾਹਿਬ ਦਾ ਅਪਮਾਨ ਕਰਨ ਵਾਲੇ ਘਟੀਆ ਅਨਸਰ ਬਾਜ ਆਉਣ—ਗਿਆਨੀ ਸੁਖਦੇਵ ਸਿੰਘ ਖਾਲਸਾ



**ਫ਼ਿਰੋਜ਼ਪੁਰ, 22 ਮਾਰਚ (ਮਨੋਹਰ ਲਾਲ) :—** ਹਿਮਾਚਲ ਦੇ ਕੂਲੂ ਸ਼ਹਿਰ ਵਿਚ ਸੰਤ ਗਿਆਨੀ ਜਰਨੈਲ ਸਿੰਘ ਜੀ ਦੀ ਤਸਵੀਰ ਅਤੇ ਨਿਸ਼ਾਨ ਸਾਹਿਬ ਦਾ ਅਪਮਾਨ ਕਰਨ ਵਾਲੇ ਘਟੀਆ ਅਨਸਰ ਬਾਜ ਆਉਣ। ਇਸ ਨਾਲ ਫਿਰਕਾਪ੍ਰਸਤੀਆਂ ਹਿੰਦੂ ਅਤੇ ਸਿੱਖਾਂ ਵਿਚ ਪਾੜਾ ਪਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ, ਜੋ ਕਿਕ ਦੇ ਵੀ ਸਹਿਣਯੋਗ ਨਹੀਂ ਹੈ, ਕਿਉਂਕਿ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਜੋ ਕਿ ਹਿੰਦੂ ਸਿੱਖ ਏਕਤਾ ਹਮੇਸ਼ਾ ਬਣਾਉਣਾ ਚਾਹੁੰਦੇ ਸਨ ਅਤੇ ਉਨ੍ਹਾਂ ਹਿੰਦੂਆਂ ਦੀਆਂ ਬਹੂ—ਬੇਟੀਆਂ ਦੇ ਹਜ਼ਾਰਾਂ ਦੀ ਤਦਾਦ ਵਿਚ ਘਰ ਵਸਾਏ। ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਅੱਗੇ ਦੱਸਿਆ ਕਿ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਦੀ ਫੋਟੋ ਤੇ ਕਿਸੇ ਵੀ ਸੂਬੇ ਨੇ ਬੈਨ ਨਹੀਂ ਲਾਇਆ ਹੈ, ਪਰ ਫਿਰ ਹਿਮਾਚਲ ਪ੍ਰਦੇਸ਼ ਦੀਆਂ ਸੜਕਾਂ ਤੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਫੋਟੋਆਂ ਵਾਲੇ ਸਟਿਕਰ ਅਤੇ ਝੰਡੇ ਲਾਹੁਣ ਦਾ ਮਾਮਲਾ ਹੁਣ ਭਖਦਾ ਹੋਇਆ ਨਜ਼ਰ ਆ ਰਿਹਾ ਹੈ, ਕਿਉਂਕਿ ਹਰ ਇਕ ਧਰਮ ਦਾ ਸਤਿਕਾਰ ਹੋਣਾ ਚਾਹੀਦਾ ਹੈ, ਜਦ ਕਿ ਪੰਜਾਬ ਵਿਚ ਵੀ ਹਿਮਾਚਲ ਦੇ ਵੱਡੀ ਗਿਣਤੀ ਨਿਵਾਸੀ ਹਨ, ਜੋ ਭੈਣ ਅਤੇ ਭਰਾ ਆਪਸੀ ਭਾਈਚਾਰਕ ਸਾਂਝ ਦਾ ਪ੍ਰਤੀਕ ਹਨ ਅਤੇ ਪੰਜਾਬ ਵਿਚ ਕਦੇ ਵੀ ਨਿਵਾਸੀਆਂ ਨਾਲ ਘਟਨਾ ਨਹੀਂ ਵਾਪਰੀ, ਫਿਰ ਪੰਜਾਬ ਵਾਸੀਆਂ ਨਾਲ ਹਿਮਾਚਲ ਜਾਣ ਤੇ ਇਸ ਤਰ੍ਹਾਂ ਦੀ ਘਟਨਾ ਵਾਪਰੀ, ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਹਿਮਾਚਲ ਦੇ ਮੁੱਖ ਮੰਤਰੀ ਨੂੰ ਕਿਹਾ ਕਿ ਇਹੋ ਜਿਹੇ ਲਾਬੂ ਲਾਉਣ ਵਾਲੇ ਅਨਸਰਾਂ ਤੇ ਸਖਤ ਤੋਂ ਸਖਤ ਕਾਰਵਾਈ ਕਰਕੇ ਇਨ੍ਹਾਂ ਨੂੰ ਸਖਤ ਤੋਂ ਸਖਤ ਸਜਾ ਦੇਣ, ਜੇਕਰ ਹਿਮਾਚਲ ਸਰਕਾਰ ਨੇ ਇਨ੍ਹਾਂ ਭੈੜੇ ਅਨਸਰਾਂ ਖਿਲਾਫ ਕੋਈ ਕਾਰਵਾਈ ਨਾ ਕੀਤੀ ਤਾਂ ਆਉਣ ਵਾਲਾ ਸਮਾਂ ਬਹੁਤ ਭਿਆਨਕ ਹੋਵੇਗਾ, ਜਿਸ ਦੀ ਸਾਰੀ ਜਿੰਮੇਵਾਰੀ ਹਿਮਾਚਲ ਸਰਕਾਰ ਦੀ ਹੋਵੇਗੀ।

## ਪੰਚਾਇਤ ਸੰਮਤੀ ਜ਼ਿਲ੍ਹਾ ਪਰਿਸ਼ਦ ਪੈਨਸ਼ਨਰ ਐਸੋਸੀਏਸ਼ਨ ਦੀ ਹੋਈ ਹੰਗਾਮੀ ਮੀਟਿੰਗ



**ਫ਼ਿਰੋਜ਼ਪੁਰ, 22 ਮਾਰਚ (ਮਨੋਹਰ ਲਾਲ) :—** ਪੰਚਾਇਤ ਸੰਮਤੀ ਜ਼ਿਲ੍ਹਾ ਪਰਿਸ਼ਦ ਪੈਨਸ਼ਨਰ ਐਸੋਸੀਏਸ਼ਨ ਦੀ ਮੀਟਿੰਗ ਤਰਲੋਕ ਸਿੰਘ ਦੀ ਪ੍ਰਧਾਨਗੀ ਹੇਠ ਨਾਰਦਰਨ ਰੇਲਵੇ ਮੈਨਜ ਯੂਨੀਅਨ ਦਫਤਰ ਫਿਰੋਜ਼ਪੁਰ ਵਿਖੇ ਹੋਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਕਿਸ਼ਨ ਚੰਦ ਜਾਗੋਵਾਲੀਆ ਨੇ ਦੱਸਿਆ ਕਿ ਮੀਟਿੰਗ ਦੌਰਾਨ ਪੰਚਾਇਤ ਸੰਮਤੀ ਜ਼ਿਲ੍ਹਾ ਪਰਿਸ਼ਦ ਦੀਆਂ ਵੱਖ—ਵੱਖ ਕੈਟਾਗਰੀਆਂ ਦੇ ਪੈਨਸ਼ਨਰ ਸ਼ਾਮਿਲ ਹੋਏ, ਜਿਨ੍ਹਾਂ ਵਿਚ ਪ੍ਰਲਾਦ ਭਗਤ, ਸੁਰਿੰਦਰ ਪਾਲ ਸ਼ਰਮਾ, ਬਗੀਚਾ ਸਿੰਘ, ਗੁਰਚਰਨ ਸਿੰਘ ਬਰਾੜ, ਰਾਜ ਕੁਮਾਰੀ, ਮਹਿਲ ਸਿੰਘ, ਬਲਵੰਤ ਸਿੰਘ, ਗੁਰਤੇਜ ਸਿੰਘ, ਰਾਜਾ ਜ਼ਰਾ ਸਿੰਘ, ਰਾਜ ਕੁਮਾਰੀ, ਨਰੇਸ਼ ਕੁਮਾਰੀ, ਬੂਟਾ ਸਿੰਘ ਤੋ ਇਲਾਵਾ ਪੰਜਾਬ ਸਟੇਟ ਪੈਨਸ਼ਨਰ ਕਡਫੈਡਰੇਸ਼ਨ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ ਸ਼ਾਮਲ ਹੋਏ। ਮੀਟਿੰਗ ਦੌਰਾਨ ਪੈਨਸ਼ਨਰਾਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ, ਜਿਸ ਉਪਰੰਤ ਆਗੂਆਂ ਨੇ ਕਿਹਾ ਕਿ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਜਥੇਬੰਦੀ ਦਾ ਇਕ ਵਫ਼ਦ ਪਿਛਲੇ ਦਿਨੀਂ ਡਾਇਰੈਕਟਰ ਪੇਂਡੂ ਵਿਕਾਸ ਅਤੇ ਪੰਚਾਇਤ ਨੂੰ ਮਿਲਿਆਂ ਅਤੇ ਮੰਗ ਕੀਤੀ ਕਿ ਪੈਨਸ਼ਨਰਾਂ ਨੂੰ ਪੈਨਸ਼ਨ ਸਮੇਂ ਸਿਰ ਨਹੀਂ ਮਿਲਦੀ, 65—75—80—85 ਸਾਲਾ ਬੁਢਾਪਾ ਭੱਤਾ ਦਿੱਤਾ ਜਾਵੇ, ਛੇਵੇਂ ਤਨਖਾਹ ਕਮਿਸ਼ਨ ਦੀ ਰਿਪੋਰਟ ਅਨੁਸਾਰ ਪੈਨਸ਼ਨਰਾਂ ਦੀ ਪੈਨਸ਼ਨ ਰੀਵਾਇਜ ਕੀਤੀ ਜਾਵੇ। ਡਾਇਰੈਕਟਰ ਪੈਂਡੂ ਵਿਕਾਸ ਤੇ ਪੰਚਾਇਤ ਸੰਮਤੀ ਨੇ ਜੱਥੇਬੰਦੀ ਦੇ ਆਗੂਆਂ ਨੂੰ ਵਿਸ਼ਵਾਸ ਦਵਾਇਆ ਕਿ ਉਨ੍ਹਾਂ ਦੀਆਂ ਮੰਗਾਂ ਦਾ ਹੱਲ ਪਹਿਲ ਦੇ ਅਧਾਰ ਤੇ ਕੀਤਾ ਜਾਵੇਗਾ।

ਸੰਤ ਕਰਤਾਰ ਸਿੰਘ ਮੈਮੋ. ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਚ

# ਸ਼ੁਰੂ ਹੋਈ ਓਪਨ ਦਸਵੀਂ ਤੇ ਬਾਰਵੀਂ







**ਫ਼ਿਰੋਜ਼ਪੁਰ, 22 ਮਾਰਚ (ਮਨੋਹਰ ਲਾਲ)** :— ਇਲਾਕੇ ਦੀ ਨੌਜਵਾਨੀ ਨੂੰ ਸਮੇਂ ਦੇ ਹਾਣੀ ਬਣਾਉਣ ਦੇ ਮਨੋਰਥ ਨਾਲ ਇਲਾਕੇ ਭਰ ਵਿਚ ਸਿੱਖਿਆ ਦਾ ਗੁਣ ਵੰਡਦੀ ਆ ਰਹੀ ਸੰਸਥਾ ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਹੋਇਆ ਓਪਨ ਸਕੂਲ ਅਧੀਨ ਦਸਵੀਂ ਅਤੇ ਬਾਰਵੀਂ ਕਰਨ ਦਾ ਆਗਾਜ਼। ਬੱਚਿਆਂ ਨੂੰ ਉਚੇਰੀ ਸਿੱਖਿਆ ਦੇ ਸਮਰੱਥ ਬਣਾਉਣ ਦੇ ਸ਼ੁਰੂ ਕੀਤੇ ਇਸ ਕਾਰਜ ਦਾ ਉਦਘਾਟਨ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਵੱਲੋਂ ਕੀਤਾ ਗਿਆ। ਜ਼ਿਕਰਯੋਗ ਹੈ ਕਿ ਫ਼ਿਰੋਜ਼ਪੁਰ ਜ਼ਿਲ੍ਹੇ ਦੀ ਇਸ ਨਾਮਵਰ ਸੰਸਥਾ ਜੋ ਕਿ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਚੱਲ ਰਹੀ ਹੈ, ਵਿਚ ਨਰਸੀ ਤੋਂ ਲੈ ਕੇ ਬਾਰਵੀਂ ਕਲਾਸ ਤੱਕ ਦੇ ਬੱਚਿਆਂ ਨੂੰ ਰੈਗੂਲਰ ਕਲਾਸਾਂ ਰਾਹੀਂ ਪੜ੍ਹਾਇਆ ਜਾ ਰਿਹਾ ਹੈ। ਸਕੂਲ ਵਿਚ ਦਸਵੀਂ ਅਤੇ ਬਾਰਵੀਂ ਓਪਨ ਕਰਨ ਵਾਲੇ ਬੱਚਿਆਂ ਨੂੰ ਸੱਦਾ ਦਿੰਦਿਆਂ ਸੰਤ ਗਿਆਨੀ ਹਰਨਾਮ ਸਿੰਘ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਬੱਚੇ ਇਸ ਪ੍ਰਣਾਲੀ ਅਧੀਨ ਪੜ੍ਹਾਈ ਪੂਰੀ ਕਰਨ, ਕਿਉਂਕਿ ਕਈ ਵਾਰ ਘਰੇਲੂ ਕਾਰਣਾਂ ਜਾਂ ਹਾਲਾਤਾਂ ਕਰਕੇ ਬੱਚੇ ਨੂੰ ਪੜ੍ਹਾਈ ਛੱਡਣੀ ਪੈਂਦੀ ਹੈ, ਜ਼ੋ ਇਸ ਮਾਧਿਅਮ ਰਾਹੀਂ ਪੂਰੀ ਹੋ ਸਕਦੀ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜ਼ਸਪ੍ਰੀਤ ਕੌਰ, ਭਾਈ ਵੀਰਪਾਲ ਸਿੰਘ ਅਤੇ ਸਮੁੱਚਾ ਸਟਾਫ ਵੱਲੋਂ ਬਾਬਾ ਜੀ ਨੂੰ ਇਸ ਕਾਰਜ ਦੀ ਵਧਾਈ ਦਿੱਤੀ। ਇਸ ਮੌਕੇ ਪ੍ਰਿੰਸੀਪਲ ਮੈਡਮ ਜ਼ਸਪ੍ਰੀਤ ਕੌਰ ਨੇ ਬਾਬਾ ਜੀ ਨੂੰ ਜੀ ਆਇਆ ਆਖਿਆ। ਇਸ ਮੌਕੇ ਤੇ ਭਾਈ ਵੀਰਪਾਲ ਸਿੰਘ, ਗਿਆਨੀ ਸੁਖਜਿੰਦਰ ਸਿੰਘ ਖਾਲਸਾ, ਬਲਰਾਜ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਪਤਵੰਤੇ ਹਾਜ਼ਰ ਸਨ। ਇਸ ਮੌਕੇ ਬਾਬਾ ਹਰਭਜਨ ਸਿੰਘ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵੀ ਹਾਜ਼ਰ ਸਨ।

ਆਪ ਦੀ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤੋਂ ਪੰਜਾਬ ਦੇ ਲੋਕ ਖੁਸ਼ : ਚੇਅਰਮੈਨ ਘੁੱਲੀ

# ਸਰਪੰਚ ਜਗਰੂਪ ਸਿੰਘ ਕੌਲਸੇੜੀ ਨੇ ਚੇਅਰਮੈਨ ਘੁੱਲੀ ਦਾ ਪਿੰਡ ਪਹੁੰਚਣ 'ਤੇ ਕੀਤਾ ਸਨਮਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਦੀ ਸਰਕਾਰ ਨੇ ਨਸ਼ਿਆ ਵੇਚਣ ਵਾਲਿਆਂ ਵਿਰੁੱਧ ਸ਼ਿਕੰਜਾ ਆਮ ਪਾਰਟੀ ਆਪਣਾ ਵਲਡੋਜਰ ਚਲਾ ਦਿੱਤਾ ਹੈ ਜਿਸ ਤੋਂ ਲੋਕ ਕਾਫ਼ੀ ਖੁਸ਼ ਦਿਖਾਈ ਦੇ ਰਹੇ ਹਨ ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਦੇ ਨੌਜਵਾਨਾਂ ਨੂੰ ਹੱਸਦੇ ਵੱਸਦੇ ਦੇਖਣਾ ਚਾਹੁੰਦੇ ਹਨ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਦੇ ਜਰਨਲ ਸਕੱਤਰ, ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਅੱਜ ਉਹ ਪਿੰਡ ਕੌਲਸੇੜੀ ਦੇ ਸਰਪੰਚ ਜਗਰੂਪ ਸਿੰਘ ਕੌਲਸੇੜੀ ਦੇ ਸੱਦੇ ਤੇ ਪਿੰਡ 'ਚ ਵਿਕਾਸ ਕਾਰਜਾਂ ਦਾ ਜਾਇਜਾ ਲੈਣ ਲਈ ਵਿਸ਼ੇਸ਼ ਤੌਰ ਤੇ ਪਹੁੰਚੇ ਹੋਏ ਸਨ। ਇਸ ਮੌਕੇ ਪਿੰਡ ਪਹੁੰਚਣ ਤੇ ਚੇਅਰਮੈਨ ਘੁੱਲੀ ਨੂੰ ਸਰਪੰਚ ਜਗਰੂਪ ਸਿੰਘ ਅਤੇ ਸਮੂਹ ਗਰਾਮ ਪੰਚਾਇਤ ਵੱਲੋਂ ਵਿਸੇਸ ਸਨਮਾਨ ਕੀਤਾ ਗਿਆ। ਚੇਅਰਮੈਨ ਘੁੱਲੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦੀ ਸੂਬੇ ਵਿੱਚ ਨਸ਼ਿਆ ਵਿਰੁੱਧ ਚੱਲ ਰਹੀ ਜੰਗ ਦੇ ਪ੍ਰਭਾਵਸ਼ਾਲੀ ਨਤੀਜਿਆਂ ਤੇ ਸੰਤੁਸ਼ਟੀ ਪ੍ਰਗਟ ਕੀਤੀ। ਆਪ ਸਰਕਾਰ ਨੇ ਰਾਸ਼ਟਰੀ ਕਨਵੀਨਰ ਅਰਵਿੰਦਰ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਸ ਸਮਾਜਿਕ ਬੁਰਾਈ ਨੂੰ ਖਤਮ ਕਰਨ ਲਈ ਅਟੱਲ ਵਚਨਬੱਧਤਾ ਨਾਲ ਨਸ਼ਾ ਵਿਰੋਧੀ ਮੁਹਿੰਮ ਸ਼ੁਰੂ ਕੀਤੀ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਅਧੀਨ ਕੰਮ ਕਰਨ ਵਾਲੇ ਭ੍ਰਿਸ਼ਟ ਸਿਆਸਤਦਾਨਾਂ, ਅਧਿਕਾਰੀਆਂ ਅਤੇ ਤਸਕਰਾਂ ਦੇ ਗੱਠਜੋੜ ਨੂੰ ਖ਼ਤਮ ਕਰ ਦਿੱਤਾ ਗਿਆ ਹੈ। ਰਾਜ ਹੁਣ ਇੱਕ ਪਰਿਵਰਤਨਸ਼ੀਲ ਤਬਦੀਲੀ ਦੇਖ ਰਿਹਾ ਹੈ, ਜਿਸ ਵਿੱਚ ਮਾਪੇ ਭਾਈਚਾਰਕ ਆਗੂ ਅਤੇ ਨੌਜਵਾਨ ਇਸ ਖਤਰੇ ਨਾਲ ਲੜਨ ਲਈ ਇੱਕਜੁੱਟ ਹੋ ਰਹੇ ਹਨ।

# ਬੁੱਢਾ ਦਲ ਮੁਖੀ ਨੇ ਲਿਆ ਹੈੱਡਕੁਆਰਟਰ ਵਿਖੇ ਚੱਲ ਰਹੇ ਕੰਮਾਂ ਦਾ ਜਾਇਜ਼ਾ

## ਵਿਸਾਖੀ ਮੌਕੇ ਨਿਹੰਗ ਸਿੰਘ ਦਲਾਂ ਦੀ ਹੋਵੇਗੀ ਅਹਿਮ ਇਕੱਤਰਤਾ- ਬਾਬਾ ਬਲਬੀਰ ਸਿੰਘ ਅਕਾਲੀ



**ਤਲਵੰਡੀ ਸਾਬੋ, 22 ਮਾਰਚ (ਗੁਰਜੰਟ ਸਿੰਘ ਨਥੇਹਾ)**-ਖਾਲਸਾ ਸਾਜਨਾ ਦਿਵਸ ਵਿਸਾਖੀ ਜੋੜ ਮੇਲੇ ਤੋਂ ਪਹਿਲਾਂ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਦੇ ਹੈੱਡਕੁਆਰਟਰ ਗੁਰਦੁਆਰਾ ਬੇਰ ਸਾਹਿਬ ਦੇਗਸਰ ਪਾਤਸ਼ਾਹੀ ਦੱਸਵੀਂ ਨਿਹੰਗ ਸਿੰਘਾਂ ਵਿਖੇ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕ੍ਰੋੜੀ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਉਹਨਾਂ ਨੇ ਨਿਹੰਗ ਸਿੰਘਾਂ ਦੇ ਹੈੱਡਕੁਆਰਟਰ ਦੇ ਅੰਦਰ ਚੱਲ ਰਹੇ ਵਿਕਾਸ ਕੰਮਾਂ ਦਾ ਜਾਇਜ਼ਾ ਵੀ ਲਿਆ। ਬੁੱਢਾ ਦਲ ਦੀਆਂ ਨਿਹੰਗ ਸਿੰਘ ਫੌਜਾਂ ਦੇ ਲਾਮ ਲਸ਼ਕਰ ਨਾਲ ਗੁਰਦੁਆਰਾ ਲੱਖੀ ਜੰਗਲ ਸਾਹਿਬ ਵਿਖੇ ਨਿਗਰਾਨੀ ਕਰਨ ਉਪਰੰਤ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਅੱਜ ਗੁਰੂ ਦੀ ਕਾਸ਼ੀ ਦਮਦਮਾ ਸਾਹਿਬ ਵਿਖੇ ਪਹੁੰਚੇ। ਜਿੱਥੇ ਉਹਨਾਂ ਦੇ ਸਵਾਗਤ ਲਈ ਬਾਬਾ ਜੱਸਾ ਸਿੰਘ ਪੀਏ, ਬਾਬਾ ਮੇਜਰ ਸਿੰਘ ਮੁਖਤਿਆਰੇਆਮ, ਬਾਬਾ ਜੋਗਾ ਸਿੰਘ ਹਨੂੰਮਾਨਗੜ੍ਹ, ਮਹੰਤ ਬਾਬਾ ਦਲੇਰ ਸਿੰਘ ਤੇ ਸੁਖਵਿੰਦਰ ਸਿੰਘ ਮੋਰ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਇਸ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ ਨੇ ਦੱਸਿਆ ਕਿ ਖਾਲਸਾ ਪੰਥ ਦੇ ਸਾਜਨਾ ਦਿਵਸ ਮੌਕੇ ਵਿਸਾਖੀ ਦਾ ਜੋੜ ਮੇਲਾ ਗੁਰੂ ਦੀ ਕਾਸ਼ੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਉਥੇ ਹੀ ਪੰਥ ਦੇ ਮੌਜੂਦਾ ਸਮੇਂ ਵਿੱਚ ਆ ਰਹੀਆਂ ਊਣਤਾਈਆਂ ਤੇ ਸ੍ਰੀ ਅਕਾਲ ਤਖਤ ਸਾਹਿਬ ਦੀ ਆਨ ਬਾਨ ਸ਼ਾਨ ਦੀ ਰੱਖਿਆ, ਮਹਾਨ ਪਰੰਪਰਾਵਾਂ ਤੇ ਪੁਰਾਤਨ ਮਰਿਆਦਾ ਨੂੰ ਕਾਇਮ ਰੱਖਣ ਲਈ ਸਾਰੇ ਹੀ ਨਿਹੰਗ ਸਿੰਘ ਦਲਾਂ ਦੀ ਇੱਕ ਵਿਸ਼ੇਸ਼ ਇਕੱਤਰਤਾ ਵੀ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਸਿੱਖ ਪੰਥ ਦੀਆਂ ਉੱਚੀਆਂ ਸ਼ਾਨਾਂਮੱਤੀ ਰਵਾਇਤਾਂ ਪਰੰਪਰਾਵਾਂ ਤੇ ਮਰਿਆਦਾ ਨੂੰ ਕਾਇਮ ਰੱਖਣ ਦੇ ਲਈ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਲਾਡਲੇ ਨਿਹੰਗ ਸਿੰਘ ਦਲ ਪੂਰੀ ਦ੍ਰਿੜਤਾ ਨਾਲ ਪਹਿਰਾ ਦੇਣਗੇ। ਉਹਨਾਂ ਪੰਥ ਵਿਰੋਧੀ ਤਾਕਤਾਂ ਨੂੰ ਵੀ ਤਾੜਨਾ ਕਰਦਿਆਂ ਕਿਹਾ ਕਿ ਸਿੱਖ ਪੰਥ ਦੀਆਂ ਗੁਰੂ ਕਾਲ ਦੇ ਸਮੇਂ ਤੋਂ ਚੱਲ ਰਹੀਆਂ ਉੱਚੀਆਂ ਸੁੱਚੀਆਂ ਰਵਾਇਤਾਂ ਦਾ ਘਾਣ ਨਹੀਂ ਕਰਨ ਦਿੱਤਾ ਜਾਵੇਗਾ। ਜੋ ਵੀ ਸਿੱਖ ਪੰਥ ਤੇ ਸ੍ਰੀ ਅਕਾਲ ਤਖਤ ਸਾਹਿਬ ਨਾਲ ਮੱਥਾ ਲਾਵੇਗਾ ਖਾਲਸਾ ਪੰਥ ਆਪਣੀਆਂ ਰਵਾਇਤਾਂ ਅਨੁਸਾਰ ਸਜਾ ਵੀ ਦੇਵੇਗਾ ਤੇ ਦੋਸ਼ੀ ਅਕਾਲ ਪੁਰਖ ਤੋਂ ਵੀ ਬਖਸ਼ੇ ਨਹੀਂ ਜਾਣਗੇ। ਇਸ ਮੌਕੇ ਉਨਾਂ ਨਾਲ ਬਾਬਾ ਗੁਰਮੁਖ ਸਿੰਘ ਸੇਵਾਦਾਰ, ਬਾਬਾ ਵਿਸ਼ਵ ਪ੍ਰਤਾਪ ਸਿੰਘ ਸਮਾਣਾ, ਸੇਵਾਦਾਰ ਹਰਪ੍ਰੀਤ ਸਿੰਘ ਹੈਪੀ, ਭਾਈ ਮਾਨ ਸਿੰਘ ਲਿਖਾਰੀ, ਬਾਬਾ ਲਛਮਣ ਸਿੰਘ, ਮਹਾਂਕਾਲ ਪਰਮਜੀਤ ਸਿੰਘ ਲੁਧਿਆਣਾ, ਗੁਰਸ਼ੇਰ ਸਿੰਘ ਮਹਾਂਕਾਲ, ਬਾਬਾ ਰੇਸ਼ਮ ਸਿੰਘ ਦੇਗੀਆ, ਬਾਬਾ ਸੁੱਖਾ ਸਿੰਘ ਜੱਸੀ, ਬਾਬਾ ਸ਼ੇਰ ਸਿੰਘ ਬੱਗਸਰ, ਬਾਬਾ ਬਲਦੇਵ ਸਿੰਘ ਪਟਿਆਲਾ, ਬਲਜਿੰਦਰ ਸਿੰਘ ਲੱਕੀ ਤੇ ਅਜੈਬ ਸਿੰਘ ਚੱਠਾ ਆਦਿ ਨਿਹੰਗ ਸਿੰਘ ਹਾਜ਼ਰ ਸਨ।

# ਚੰਬਾ ਕਲਾਂ ਵਿੱਚ ਮੁ.ਫਤ ਅੱਖਾਂ ਦਾ ਚੈਕਅਪ ਤੇ ਆਪ੍ਰੇਸ਼ਨਾਂ ਨਾਲ ਲੈਂਜ਼ ਪਾਉਣ ਦਾ ਕੈਂਪ 24 ਮਾਰਚ ਨੂੰ : ਡਾ. ਸੰਧੂ



**ਚੋਹਲਾ ਸਾਹਿਬ, 11 ਮਾਰਚ (ਆਵਾਜ਼ਿ ਕੌਮ ਬਿਊਰੋ)**-ਇੱਥੋਂ ਨੇੜਲੇ ਪਿੰਡ ਚੰਬਾ ਕਲਾਂ ਦੇ ਵਸਨੀਕ ਤੇ ਪ੍ਰਸਿੱਧ ਹੋਮੀਓਪੈਥਿਕ ਡਾਕਟਰ ਰਸਬੀਰ ਸਿੰਘ ਸੰਧੂ ਡਿਵਾਇਨ ਹੋਮੀਓਪੈਥੀ ਚੋਹਲਾ ਸਾਹਿਬ ਵਾਲਿਆਂ ਵੱਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਰੂਬੀ ਨੇਲਸਨ ਮੈਮੋਰੀਅਲ ਹਸਪਤਾਲ ਜਲੰਧਰ ਦੇ ਸਹਿਯੋਗ ਸਦਕਾ 24 ਮਾਰਚ, ਦਿਨ ਸੋਮਵਾਰ ਨੂੰ ਪਿੰਡ ਚੰਬਾ ਕਲਾਂ ਦੇ ਗੁਰਦੁਆਰਾ ਬਾਬਾ ਹਰਨਾਮ ਸਿੰਘ ਜੀ ਦੇ ਪਵਿੱਤਰ ਦਰਬਾਰ 'ਤੇ ਪੰਜਵਾਂ ਵਿਸ਼ਾਲ ਮੁਫ਼ਤ ਅੱਖਾਂ ਦਾ ਕੈਂਪ ਲਾਇਆ ਜਾ ਰਿਹਾ ਹੈ। ਡਾਕਟਰ ਸੰਧੂ ਨੇ ਦੱਸਿਆ ਕਿ ਇਸ ਵਿਸ਼ਾਲ ਕੈਂਪ ਵਿੱਚ ਰੂਬੀ ਨੈਸਨ ਮੈਮੋਰੀਅਲ ਹਸਪਤਾਲ ਵਾਲਿਆਂ ਦੇ ਪ੍ਰਸਿੱਧ ਅੱਖਾਂ ਦੇ ਮਾਹਿਰ ਡਾਕਟਰ ਸਵੇਰੇ 9 ਵਜੇ ਤੋਂ 2 ਵਜੇ ਤੱਕ ਕੈਂਪ 'ਚ ਪੁੱਜੇ। ਅੱਖਾਂ ਦੇ ਰੋਗੀਆਂ ਦੇ ਮੁਫ਼ਤ ਚੈਕਅਪ ਕਰਕੇ ਮੁਫ਼ਤ ਹੀ ਉਨ੍ਹਾਂ ਨੂੰ ਦਵਾਈਆਂ ਦੇਣਗੇ। ਜਿਨ੍ਹਾਂ ਰੋਗੀਆਂ ਦੇ ਅੱਖਾਂ ਦੇ ਲੈਂਨਜ਼ ਪਾਉਣ ਵਾਲੇ ਹੋਣਗੇ, ਉਨ੍ਹਾਂ ਨੂੰ ਉਸੇ ਦਿਨ ਵੱਡੀ ਬੱਸ ਵਿੱਚ ਜਲੰਧਰ ਹਸਪਤਾਲ ਲਿਜਾ ਕੇ ਮੁਫ਼ਤ ਲੈਂਜ਼ ਪਾਏ ਜਾਣਗੇ ਤੇ ਤੀਸਰੇ ਦਨਿ ਭਾਵ 26 ਮਾਰਚ ਨੂੰ ਉਨ੍ਹਾਂ ਉਨ੍ਹਾਂ ਦੇ ਲੈਂਜ਼ ਪਵਾ ਕੇ ਪਿੰਡ ਚੰਬਾ ਕਲਾਂ ਦੇ ਗੁਰਦੁਆਰਾ ਸਾਹਿਬ ਲਿਆਂਦਾ ਜਾਵੇਗਾ ਤੇ ਲੋੜ ਅਨੁਸਾਰ ਉਨ੍ਹਾਂ ਨੂੰ ਦਵਾਈਆਂ ਵੀ ਮੁਫ਼ਤ ਹੀ ਦਿੱਤੀਆਂ ਜਾਣਗੀਆਂ। ਕੈਂਪ ਦੌਰਾਨ ਹਸਪਤਾਲ ਵਿੱਚ ਵੀ ਰਹਿਣ-ਸਹਿਣ ਤੇ ਅੱਖਾਂ ਦੇ ਰੋਗੀਆਂ ਦਾ ਸਾਰਾ ਖਾਣ-ਪੀਣ ਵੀ ਮੁਫ਼ਤ ਹੀ ਦੇਣੇ ਹੋਣਗੇ। ਕੈਂਪ ਵਾਲੇ ਦਿਨ ਅੱਖ ਰੋਗਾਂ ਦੇ ਮਾਹਿਰ ਡਾਕਟਰਾਂ ਦੀਆਂ ਟੀਮਾਂ ਤੋਂ ਇਲਾਵਾ ਹੋਰ ਵੀ ਸਾਰਾ ਮੈਡੀਕਲ ਸਟਾਫ਼ ਕੈਂਪ 'ਚ ਪੁੱਜੇਗਾ। ਰੋਗੀਆਂ ਲਈ ਗੁਰਦੁਆਰਾ ਬਾਬਾ ਹਰਨਾਮ ਸਿੰਘ ਚੰਬਾ ਕਲਾਂ ਦੀ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਕਾ ਲੰਗਰ ਵਰਤਾਇਆ ਜਾਵੇਗਾ। ਡਾ. ਸੰਧੂ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ 24 ਮਾਰਚ ਨੂੰ ਕੈਂਪ 'ਚ ਪੁੱਜ ਕੇ ਆਪਣੀਆਂ ਅੱਖਾਂ ਦੀ ਜਾਂਚ ਕਰਵਾਉਣ ਅਤੇ ਜੇਕਰ ਲੈਂਜ਼ ਪਾਉਣ ਵਾਲੇ ਹਨ ਤਾਂ ਉਹ ਵੀ ਜ਼ਰੂਰ ਪਵਾ ਲੈਣ। ਨਾਲ ਹੀ ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਕੈਂਪ ਵਿੱਚ ਮੁਫ਼ਤ ਐਨਕਾਂ ਨਹੀਂ ਮਿਲਣਗੀਆਂ। ਸਿਰਫ਼ ਲੈਂਜ਼ ਹੀ ਪਾਏ ਜਾਣਗੇ।


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243